ਰੋਜ਼ਾਨਾ ਸੱਚ ਤੇ ਨਿਡਰ ਆਵਾਜ਼
ਲੋਕ ਬਾਣੀ
ਵੀਰਵਾਰ, 19 ਮਈ 2022
dailylokbani
Email : lokbani08@gmail.com

# ਸਪੈਸ਼ਲ

## ਵੀਰਵਾਰ



# ਯਾਦ ਕਿਉਂ ਨਹੀਂ ਰਹਿੰਦਾ?

ਅੱਜ ਦੇ ਭੌਤਿਕ ਅਤੇ ਕੰਪਿਊਟਰ ਯੁੱਗ ਵਿਚ ਵਿਅਕਤੀ ਵੀ ਕੰਪਿਊਟਰ ਬਣ ਕੇ ਹਰ ਕੰਮ ਬਹੁਤ ਛੇਤੀ ਕਰਨਾ ਚਾਹੁੰਦਾ ਹੈ। ਇਹੀ ਕਾਰਨ ਹੈ ਕਿ ਦਿਮਾਗ ‘ਤੇ ਦਬਾਅ, ਤਣਾਅ ਵਰਗੀਆਂ ਸਮੱਸਿਆਵਾਂ ਵਧ ਰਹੀਆਂ ਹਨ ਅਤੇ ਯਾਦ ਸ਼ਕਤੀ ਘਟਦੀ ਜਾ ਰਹੀ ਹੈ। ਲੋਕ ਪ੍ਰੇਸ਼ਾਨ ਹਨ ਕਿ ਯਾਦਦਾਸ਼ਤ ਕਿਵੇਂ ਵਧੇ?

ਯਾਦਦਾਸ਼ਤ ਦੀ ਕਮੀ ਦੇ ਕਾਰਨ

ਸਿਹਤ ਦੀ ਦ੍ਰਿਸ਼ਟੀ ਤੋਂ ਸਰੀਰਕ ਅਤੇ ਮਾਨਸਿਕ ਕਮਜ਼ੋਰੀ, ਅਤਿ ਚੰਚਲਤਾ, ਇਕਾਗਰਤਾ ਦੀ ਕਮੀ, ਖਾਣ-ਪੀਣ ‘ਚ ਵਾਧਾ-ਘਾਟਾ।

ਕਿਵੇਂ ਯਾਦ ਰੱਖੀਏ

ਬਹੁਤ ਜ਼ਿਆਦਾ ਚਿੰਤਨ ਮਨਨ, ਮਨ ਵਿਚ ਯਾਦ ਰੱਖਣ ਯੋਗ ਗੱਲਾਂ ਦਾ ਚਿੱਤਰ ਬਣਾਉਣਾ, ਇਕ ਗੱਲ ਦਾ ਸਬੰਧ ਹੋਰ ਗੱਲ ਨਾਲ ਬਣਾਈ ਰੱਖਣਾ, ਵਾਰ-ਵਾਰ ਦੁਹਰਾਉਣਾ, ਲੰਬੀ ਅਤੇ ਜਟਿਲ ਸਮੱਗਰੀ ਅਤੇ ਸੰਖੇਪ ਕਰਨਾ, ਮਿੰਟ ਬਾਅਦ ਪ੍ਰਮੁੱਖ ਤੱਤਾਂ ਨੂੰ ਮੁੜ ਦੁਹਰਾਉਣਾ, ਮਨ ਦੀ ਇਕਾਗਰਤਾ।

ਯਾਦਦਾਸ਼ਤ ਕਿਵੇਂ ਵਧੇ

* ਕਿਸੇ ਵੀ ਤਰ੍ਹਾਂ ਦਾ ਤਣਾਅ ਨਾ ਰੱਖੋ।

* ਖਾਲੀ ਸਮਾਂ ਆਲਸ ਜਾਂ ਗੱਪ-ਸ਼ੱਪ ਵਿਚ ਨਾ ਬਿਤਾਓ।

* ਕਲਾਸ ਵਿਚ ਜੋ ਪੜ੍ਹਾਇਆ ਜਾਣਾ ਹੈ, ਉਸ ਨੂੰ ਪਹਿਲਾਂ ਹੀ ਪੜ੍ਹ ਕੇ ਜਾਓ।

* ਕਲਾਸ ਵਿਚ ਜੋ ਸਮਝਾਇਆ ਜਾਵੇ, ਉਸ ਨੂੰ ਧਿਆਨ ਨਾਲ ਸੁਣੋ ਅਤੇ ਚੇਤੇ ਰੱਖੋ।

* ਘਰ ਆ ਕੇ ਨੋਟਿਸ ਤਿਆਰ ਕਰੋ।

* ਯਾਦ ਕੀਤਾ ਹੋਇਆ ਵਿਸ਼ਾ ਲਿਖ ਕੇ ਦੇਖੋ।

* ਕੁਝ ਦੇਰ ਮਨ ਨੂੰ ਸਥਿਰ ਰੱਖਣ ਵਾਲੀ ਕਸਰਤ ਕਰੋ।

* ਹਲਕੇ ਸੰਗੀਤ ਦੇ ਨਾਲ ਅਧਿਐਨ ਜਾਰੀ ਰੱਖੋ।

* ਘਰ ਦੇ ਕਿਸੇ ਮੈਂਬਰ, ਮਿੱਤਰ ਜਾਂ ਸਹਿਪਾਠੀ ਨੂੰ ਪ੍ਰਸ਼ਨ ਪੁੱਛਣ ਲਈ ਕਹੋ ਅਤੇ ਆਪ ਉੱਤਰ ਦਿਓ। ਇਕ ਵਾਰ ਕਿਸੇ ਪੂਰੀ ਪੁਸਤਕ ਨੂੰ ਦੇਖ ਕੇ ਯਾਦ ਕਰਨਾ ਔਖਾ ਲਗਦਾ ਹੈ ਪਰ ਪਾਠ-ਪਾਠ, ਅਧਿਆਇ-ਅਧਿਆਇ ਅੱਗੇ ਵਧਦੇ ਜਾਓ। ਪੂਰੀ ਪੁਸਤਕ ਯਾਦ ਕਰ ਲਓਗੇ। ਜਦੋਂ ਵੀ ਸਮਾਂ ਮਿਲੇ, ਪੁਸਤਕ ਦੇ ਪੰਨੇ ਪਲਟ ਕੇ ਯਾਦ ਕੀਤੀਆਂ ਗੱਲਾਂ ਮੁੜ ਦੁਹਰਾ ਲਓ।

ਕੀ ਖਾਈਏ :


ਭੋਜਨ ਦਿਮਾਗ ਦੀਆਂ ਲੋੜਾਂ ਦੀ ਪੂਰਤੀ ਕਰਦਾ ਹੈ। ਇਹ ਯਾਦਦਾਸ਼ਤ ਵਧਾਉਣ ਵਿਚ ਸਹਾਇਕ ਹੁੰਦਾ ਹੈ। ਪਚਣਯੋਗ, ਹਲਕਾ, ਸੰਤੁਲਤ, ਪੌਸ਼ਟਿਕ ਭੋਜਨ ਨਿਯਮਤ ਸਮੇਂ ਸਿਰ ਕਰੋ। ਪੱਤੇਦਾਰ ਸਬਜ਼ੀਆਂ, ਸਲਾਦ, ਦੁੱਧ, ਦਹੀਂ, ਦਾਲ, ਪੱਤਾ ਗੋਭੀ, ਫੁੱਲ ਗੋਭੀ, ਸੌਂਫ, ਗੁੜ, ਤਿਲ, ਪਾਲਕ, ਲੌਕੀ, ਜਾਮਣ, ਸਟ੍ਰਾਬੇਰੀ, ਨਾਰੀਅਲ, ਲੀਚੀ, ਅੰਬ, ਸੇਬ, ਸੰਤਰਾ, ਟਮਾਟਰ ਆਦਿ ਖਾਓ।

ਸਹਾਇਕ ਉਪਾਅ

ਦਿਮਾਗੀ ਕੰਮ ਕਰਨ ਵਾਲੇ ਯਾਦਦਾਸ਼ਤ ਲਈ ਪ੍ਰੋਟੀਨ (ਦਾਲ ਦਲਹਨ) ਜ਼ਿਆਦਾ ਖਾਣ। ਭਿੱਜੇ ਬਦਾਮ ਨੂੰ ਪੀਸ ਕੇ ਸਵੇਰੇ ਖਾਣ। ਖਰਬੂਜ਼ੇ ਦੀ ਮੀਂਗੀ ਯਾਦਦਾਸ਼ਤ ਵਧਾਉਂਦੀ ਹੈ। ਅਖਰੋਟ ਜਾਂ ਬਦਾਮ ਕਿਸੇ ਵੀ ਰੂਪ ਵਿਚ ਖਾਓ। ਔਲੇ ਦਾ ਮੁਰੱਬਾ, ਅੰਗੂਰ, ਸਵੇਰ ਵੇਲੇ ਇਕ ਜਾਂ ਦੋ ਸੇਬ ਖਾ ਕੇ ਗਰਮ ਦੁੱਧ ਪੀਣ ਜਾਂ 15 ਮਿੰਟ ਬਾਅਦ ਭੋਜਨ ਕਰਨ ਨਾਲ ਪ੍ਰਾਪਤ ਫਾਸਫੋਰਸ, ਪੋਟਾਸ਼ੀਅਮ, ਕੈਲਸ਼ੀਅਮ, ਪ੍ਰੋਟੀਨ, ਕਾਰਬੋਹਾਈਡ੍ਰੇਟ, ਆਕਸਾਈਡ ਯਾਦਦਾਸ਼ਤ ਵਧਾਉਂਦੇ ਹਨ। ਸੌਂਫ ਅਤੇ ਮਿਸ਼ਰੀ ਨੂੰ ਵੱਖ-ਵੱਖ ਕੁੱਟ ਕੇ ਬਰਾਬਰ ਮਾਤਰਾ ਵਿਚ ਮਿਲਾ ਕੇ ਹਰ ਰੋਜ਼ ਸਵੇਰੇ ਅਤੇ ਸ਼ਾਮ ਨੂੰ ਭੋਜਨ ਕਰਨ ਤੋਂ ਬਾਅਦ ਇਕ-ਇਕ ਚਮਚ ਲੈਣ ਨਾਲ ਬੁੱਧੀ ਵਧਦੀ ਹੈ। ਲੌਕੀ ਦੀ ਸਬਜ਼ੀ ਖਾਣ ਅਤੇ ਤੇਲ ਸਿਰ ਵਿਚ ਲਗਾਉਣ ਨਾਲ ਯਾਦਦਾਸ਼ਤ ਵਧਦੀ ਹੈ। ਭਿੱਜੇ ਉੜਦ ਨੂੰ ਪੀਸ ਕੇ, ਦੁੱਧ, ਸ਼ੱਕਰ ਮਿਲਾ ਕੇ ਲੈਣ ਨਾਲ ਦਿਮਾਗ ਦੀ ਸਮਰੱਥਾ ਵਧਦੀ ਹੈ।

ਕੀ ਨਾ ਖਾਈਏ : ਕੜਕ ਚਾਹ ਅਤੇ ਨਸ਼ੇ ਤੋਂ ਦੂਰ ਰਹੋ। ਤੰਬਾਕੂ, ਗੁਟਕਾ ਨਾ ਖਾਓ।





ਸਹਾਇਕ ਉਪਾਅ ਕੀ ਕਰੀਏ

ਹਰ ਰੋਜ਼ ਸਵੇਰੇ ਖੁੱਲ੍ਹੀ ਹਵਾ ਵਿਚ ਘੁੰਮਣ ਜਾਓ। ਦਿਲਚਸਪ ਕਸਰਤ ਨਿਯਮਤ ਕਰੋ। ਗੱਲਾਂ ਅਤੇ ਪਾਠ ਨੂੰ ਇਕਾਗਰਤਾ ਅਤੇ ਮਨੋਯੋਗ ਨਾਲ ਯਾਦ ਕਰੋ। ਭਰਪੂਰ ਨੀਂਦ ਲਓ। ਖਾਣ-ਪੀਣ, ਕਸਰਤ, ਆਰਾਮ ਵਿਚ ਸੰਜਮ ਹੋਵੇ। ਵਿਚ-ਵਿਚ ਮਨੋਰੰਜਨ ਵੀ ਕਰਦੇ ਰਹੋ। ਦਿਨ ਵਿਚ ਜ਼ਿਆਦਾ ਨਾ ਸੌਂਵੋਂ। ਦੇਰ ਰਾਤ ਤੱਕ ਨਾ ਜਾਗੋ। ਸੂਰਜ ਚੜ੍ਹਨ ਤੋਂ ਦੋ ਘੰਟੇ ਪਹਿਲਾਂ ਉਠ ਕੇ ਯਾਦ ਕਰੋ। ਤਣਾਅ, ਕ੍ਰੋਧ, ਚਿੰਤਾ ਤੋਂ ਦੂਰ ਰਹੋ। ਆਪਣੀ ਯਾਦਦਾਸ਼ਤ ਨੂੰ ਲੈ ਕੇ ਪ੍ਰੇਸ਼ਾਨ ਨਾ ਰਹੋ। ਸਮੇਂ ਨੂੰ ਆਪਣੇ ਅਨੁਸਾਰ ਵਰਤੋ। ਲਾਭ ਜ਼ਰੂਰ ਮਿਲੇਗਾ।

ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ
99155-94111

ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com ਵੀਰਵਾਰ, 19 ਮਈ 2022 ਮੁੱਖ ਸੰਪਾਦਕ :- ਅਮਨ ਮਹਿਰਾ (ਜਲੰਧਰ)

ਇਸ਼ਤਿਹਾਰ ਲਵਾਓ ਵਪਾਰ ਵਧਾਓ ਰੋਜ਼ਾਨਾ ਲੋਕ ਬਾਣੀ ਅਖਬਾਰ ਵਿਚ ਸੰਪਰਕ ਕਰੋ 0181-2211009 Newslokbani@gmail.com

R.N.I. Punpun/29016/2008 ✲ ਸਾਲ : 14 ✲ ਅੰਕ : 430 ✲ ਮੁੱਲ : 5.00 ਰੁਪਏ ✲ ਕੁੱਲ ਪੇਜ਼ : 10 ✲ ਫੈਕਸ : 0181-2211009 ✲ M. 99155-94111


## ਇਰਾਨ ’ਚ ਭਾਰੀ ਰੇਤਲਾ ਤੂ.ਫਾਨ

### 4 ਹਜਾਰ ਲੋਕ ਹਸਪਤਾਲ ’ਚ ਭਰਤੀ

**ਇਰਾਕ** ‘ਚ ਸੋਮਵਾਰ ਨੂੰ ਆਏ ਰੇਤ ਦੇ ਤੂਫਾਨ ਕਾਰਨ 4 ਹਜਾਰ ਤੋਂ ਜ਼ਿਆਦਾ ਲੋਕਾਂ ਨੂੰ ਹਸਪਤਾਲ ‘ਚ ਭਰਤੀ ਕਰਵਾਇਆ ਗਿਆ ਹੈ। ਤੂਫਾਨ ਕਾਰਨ ਇਨ੍ਹਾਂ ਲੋਕਾਂ ਨੂੰ ਸਾਹ ਲੈਣ ਵਿੱਚ ਤਕਲੀਫ ਹੋ ਰਹੀ ਸੀ। ਮਈ ਦੀ ਸੁਰੂਆਤ ‘ਚ ਇਰਾਕ ‘ਚ ਤੂਫਾਨ ਆਇਆ ਸੀ, ਜਿਸ ‘ਚ ਇਕ ਵਿਅਕਤੀ ਦੀ ਮੌਤ ਹੋ ਗਈ ਸੀ, ਜਦਕਿ 5000 ਲੋਕ ਹਸਪਤਾਲ ‘ਚ ਭਰਤੀ ਸਨ।








## ਸੁਪਰੀਮ ਕੋਰਟ ਨੇ ਰਾਜੀਵ ਗਾਂਧੀ ਕਤਲ ਕੇਸ ਚ ਦੋਸ਼ੀ ਨੂੰ ਰਿਹਾ ਕਰਨ ਦੇ ਆਦੇਸ਼ ਦਿੱਤੇ

**ਦਿੱਲੀ/ਕਪੂਰ**

ਸੁਪਰੀਮ ਕੋਰਟ ਨੇ ਰਾਜੀਵ ਗਾਂਧੀ ਕਤਲਕਾਂਡ ਮਾਮਲੇ ‘ਚ ਦੋਸ਼ੀ ਏ.ਜੀ. ਪੇਰਾਰਿਵਲਨ ਨੂੰ ਰਿਹਾਅ ਕਰਨ ਦੇ ਬੁੱਧਵਾਰ ਨੂੰ ਆਦੇਸ਼ ਦਿੱਤੇ, ਜੋ ਉਮਰ ਕੈਦ ਦੀ ਸਜ਼ਾ ਦੇ ਅਧੀਨ 30 ਸਾਲ ਤੋਂ ਵਧ ਸਮੇਂ ਤੋਂ ਜੇਲ੍ਹ ‘ਚ ਬੰਦ ਹੈ। ਜੱਜ ਐੱਲ. ਨਾਗੇਸ਼ਵਰ ਰਾਵ ਦੀ ਪ੍ਰਧਾਨਗੀ ਵਾਲੀ ਇਕ ਬੈਂਚ ਨੇ ਧਾਰਾ 142 ਦੇ ਅਧੀਨ ਆਪਣੇ ਮਨੁੱਖੀ ਅਧਿਕਾਰ ਦਾ ਇਸਤੇਮਾਲ ਕਰਦੇ ਹੋਏ ਪੇਰਾਰਿਵਲਨ ਨੂੰ ਰਿਹਾਅ ਕਰਨ ਦੇ ਆਦੇਸ਼ ਦਿੱਤੇ ਹਨ।

## ਭਾਰੀ ਹੜ੍ਹ ਕਾਰਨ ਅਸਾਮ ’ਚ ਵੱਡੀ ਗਿਣਤੀ ਵਿੱਚ ਲੋਕ ਪ੍ਰਭਾਵਿਤ

**ਗੁਹਾਟੀ/ਲੋਕ ਬਾਣੀ**

ਆਸਾਮ ਵਿੱਚ ਇਨ੍ਹੀਂ ਦਿਨੀਂ ਹੋ ਰਹੀ ਭਾਰੀ ਬਾਰਿਸ ( ) ਕਾਰਨ ਹੜ੍ਹ ਦੀ ਸਥਿਤੀ ਪੈਦਾ ਹੋ ਗਈ ਹੈ। ਇਸ ਵਾਰ ਵੀ ਹੜ੍ਹ ਨਾਲ ਲੱਖਾਂ ਲੋਕ ਪ੍ਰਭਾਵਿਤ ਹੋ ਰਹੇ ਹਨ। ਇਸ ਕੜੀ ‘ਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸਾਹ ਨੇ ਮੰਗਲਵਾਰ ਨੂੰ ਅਸਾਮ ਦੇ ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਨਾਲ ਫੋਨ ‘ਤੇ ਗੱਲਬਾਤ ਕੀਤੀ। ਉਨ੍ਹਾਂ ਕੇਂਦਰ ਸਰਕਾਰ ਵੱਲੋਂ ਹਰ ਸੰਭਵ ਮਦਦ ਦਾ ਭਰੋਸਾ ਦਿੱਤਾ। ਦੱਸ ਦਈਏ ਕਿ ਮੀਂਹ ਨਾਲ ਸਬੰਧਤ ਘਟਨਾਵਾਂ ‘ਚ ਹੁਣ ਤੱਕ 8 ਲੋਕਾਂ ਦੀ ਮੌਤ ਹੋ ਚੁੱਕੀ ਹੈ।





## ਵਿਦੇਸ਼ ਜਾਣ ਤੇ ਲੱਗੀ ਜੈਕਲੀਨ ਫਰਨਾਂਡੀਜ ਤੇ ਰੋਕ

**ਮੁੰਬਈ/ਲੋਕ ਬਾਣੀ**

ਸੁਰੇਸ਼ ਚੰਦਰਸ਼ੇਖਰ ਨਾਲ ਆਪਣੇ ਰਿਸ਼ਤੇ ਨੂੰ ਲੈ ਕੇ ਸੁਰਖੀਆਂ ‘ਚ ਰਹਿਣ ਵਾਲੀ ਅਦਾਕਾਰਾ ਜੈਕਲੀਨ ਫਰਨਾਂਡੀਜ਼ ਦੀਆਂ ਮੁਸ਼ਕਿਲਾਂ ਘੱਟ ਹੋਣ ਦਾ ਨਾਂ ਨਹੀਂ ਲੈ ਰਹੀਆਂ ਹਨ। ਜੈਕਲੀਨ ਫਰਨਾਂਡੀਜ਼ ਨੇ ਈ.ਡੀ. ਦੀ ਕਾਰਵਾਈ ਦੌਰਾਨ 15 ਦਿਨਾਂ ਲਈ ਦੇਸ਼ ਤੋਂ ਬਾਹਰ ਜਾਣ ਦੀ ਇਜਾਜ਼ਤ ਮੰਗਣ ਲਈ ਦਿੱਲੀ ਦੀ ਇਕ



## ਪੰਜਾਬ ਵਿੱਚ ਆਪ੍ਰੇਸ਼ਨ ਬਲੂ ਸਟਾਰ ਬਰਸੀ ਮੋਕੇ ਹੋਵੇਗੀ ਸਖਤ ਸੁਰੱਖਿਆ

**ਜਲੰਧਰ/ਹਰਬੰਸ ਬਿੱਟੂ**

ਜੂਨ ਦੇ ਪਹਿਲੇ ਹਫਤੇ ‘ਸਾਕਾ ਨੀਲਾ ਤਾਰਾ’ ਦੀ ਬਰਸੀ ਦੇ ਮੱਦੇਨਜਰ ਪੰਜਾਬ ਸਰਕਾਰ ਦੀ ਬੇਨਤੀ ‘ਤੇ ਕੇਂਦਰੀ ਗ੍ਰਹਿ ਮੰਤਰਾਲੇ ਨੇ ਸੂਬੇ ਵਿੱਚ ਵਾਧੂ ਫੋਰਸ ਤਾਇਨਾਤ ਕਰਨ ਦੀ ਮਨਜੂਰੀ ਦੇ ਦਿੱਤੀ ਹੈ। ਆਉਣ ਵਾਲੇ ਦਿਨਾਂ ਵਿੱਚ ਸੁਰੱਖਿਆ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਅਰਧ ਸੈਨਿਕ ਬਲਾਂ ਦੀਆਂ 10 ਕੰਪਨੀਆਂ ਛੇਤੀ ਹੀ ਸੂਬੇ ਵਿੱਚ ਤਾਇਨਾਤ ਕੀਤੀਆਂ ਜਾਣਗੀਆਂ। ਸੂਬਾ ਪੁਲਿਸ ਵਿੱਚ ਕਰੀਬ 80,000 ਜਵਾਨ ਹਨ ਅਤੇ ਸੁਰੱਖਿਆ ਲਈ 10 ਕੰਪਨੀਆਂ ਦੇ ਲਗਭਗ 1,000 ਜਵਾਨ ਵੀ ਤਾਇਨਾਤ ਕੀਤੇ ਜਾਣਗੇ। ਪੰਜਾਬ ਦੇ ਡੀਜੀਪੀ ਵੀਕੇ ਭਾਵਰਾ ਨੇ ਕਿਹਾ ਹੈ ਕਿ ਜੂਨ ਦੇ ਪਹਿਲੇ ਹਫਤੇ ਸਾਕਾ ਨੀਲਾ ਤਾਰਾ ਦੀ ਬਰਸੀ ਦੇ ਮੱਦੇਨਜਰ ਵਾਧੂ ਸੁਰੱਖਿਆ ਦੀ ਲੋੜ ਹੈ।



## ਪੁਲਿਸ ਦੇ ਮੁਲਾਜ਼ਮਾਂ ਨੂੰ ਆਪਣੇ ਕੁਆਟਰ ਚ ਕੁੱਤਾ ਰਖਣ ਦੀ ਲੈਣੀ ਪਵੇਗੀ ਇਜਾਜ਼ਤ

**ਚੰਡੀਗੜ੍ਹ//ਵਿਨੋਦ ਸ਼ਰਮਾ**

ਪੰਜਾਬ ਪੁਲੀਸ ਨੇ ਅੱਜ ਹੁਕਮ ਜਾਰੀ ਕੀਤਾ ਹੈ, ਜਿਸ ਵਿੱਚ ਕਿਹਾ ਗਿਆ ਹੈ ਕਿ ਜਿਹੜੇ ਪੁਲੀਸ ਮੁਲਾਜਮ ਸਰਕਾਰੀ ਕੁਆਰਟਰਾਂ ’ਚ ਰਹਿੰਦੇ ਹਨ, ਉਨ੍ਹਾਂ ਲਈ ਪਾਲਤੂ ਕੁੱਤਾ ਰੱਖਣ ਲਈ ਇਜਾਜਤ ਲੈਣੀ ਲਾਜਮੀ ਹੈ। ਹੁਕਮ ਮੁਤਾਬਕ, ਜਿਨ੍ਹਾਂ ਨੇ ਇਜਾਜਤ ਨਹੀਂ ਲਈ ਉਹ ਹਫਤੇ ਦੇ ਅੰਦਰ ਇਨ੍ਹਾਂ ਕੁੱਤਿਆਂ ਨੂੰ ਰਿਹਾਇਸ਼ੀ ਇਲਾਕਿਆਂ ’ਚੋ ਬਾਹਰ ਕੱਢ ਦੇਣ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਮੁਲਾਜਮ ਖਿਲਾਫ ਵਿਭਾਗੀ ਕਾਰਵਾਈ ਕੀਤੀ ਜਾਵੇਗੀ।


### ਸ਼ੇਰਪੁਰ ਤੋਂ ਪੱਤਰਕਾਰ ਦੀ ਨਿਯੁਕਤੀ

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵੱਲੋਂ ਯਾਦਵਿੰਦਰ ਸਿੰਘ ਮਾਹੀ ਨੂੰ ਸ਼ੇਰਪੁਰ ਤੋਂ ਪੱਤਰਕਾਰ ਨਿਯੁਕਤ ਕੀਤਾ ਜਾਂਦਾ ਹੈ। ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ ।



ਮੋ :- 9876431004

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਹਜ਼ਾਰਾਂ ਕੱਚੇ ਅਧਿਆਪਕਾਂ ਨੇ ਮੋਹਾਲੀ ਦੇ ਚੌਂਕ ਨੂੰ ਕੀਤਾ ਜਾਮ



**ਚੰਡੀਗੜ੍ਹ/ਲੋਕ ਬਾਣੀ**

ਕਰੀਬ 13000 ਕੱਚੇ ਅਧਿਆਪਕਾਂ ਦੇ ਵੱਲੋਂ ਅੱਜ ਮੋਹਾਲੀ ਦੇ ਵਾਈਪੀਐਸ ਚੌਂਕ ਦੇ ਵਿੱਚ ਜ਼ਬਰਦਸਤ ਪ੍ਰਦਰਸ਼ਨ ਕਰਦਿਆਂ ਹੋਇਆ ਚੱਕਾ ਜਾਮ ਕੀਤਾ। ਅਧਿਆਪਕਾਂ ਨੇ ਜਿਥੇ ਕਿਸਾਨਾਂ ਦੇ ਮੋਰਚੇ ਦਾ ਸਾਥ ਦੇਣ ਦੀ ਗੱਲ ਕਹੀ, ਉਥੇ ਹੀ ਅਧਿਆਪਕਾਂ ਨੇ ਮਾਨ ਸਰਕਾਰ ਨੂੰ ਵੀ ਘੇਰਿਆ।

ਜਾਣਕਾਰੀ ਦਿੰਦਿਆਂ ਹੋਇਆ ਕੱਚੇ ਅਧਿਆਪਕਾਂ ਨੇ ਦੱਸਿਆ ਕਿ, ਉਹ ਲੰਮੇ ਸਮੇਂ ਤੋਂ ਸਕੂਲਾਂ ਵਿੱਚ ਪੜ੍ਹਾ ਰਹੇ ਹਨ, ਉਨ੍ਹਾਂ ਦੀਆਂ ਤਨਖ਼ਾਹਾਂ ਨਾ ਮਾਤਰ ਹਨ, ਪਰ ਸਰਕਾਰ ਨਾ ਤਾਂ ਸਾਨੂੰ ਪੱਕਿਆ ਕਰ ਰਹੀ ਹੈ ਅਤੇ ਨਾ ਹੀ ਸਾਡੀਆਂ ਤਨਖ਼ਾਹਾਂ ਵਿੱਚ ਕੋਈ ਵਾਧਾ ਕਰ ਰਹੀ ਹੈ।

ਅਧਿਆਪਕਾਂ ਨੇ ਇਹ ਵੀ ਕਿਹਾ ਕਿ, ਸੱਤਾ ਵਿੱਚ ਆਉਣ ਤੋਂ ਪਹਿਲਾਂ ਭਗਵੰਤ ਮਾਨ, ਮੀਤ ਹੇਅਰ, ਅਨਮੋਲ ਗਗਨ ਮਾਨ ਤੋਂ ਇਲਾਵਾ ਹੋਰ ਕਈ ਆਮ ਆਦਮੀ ਪਾਰਟੀ ਦੇ ਲੀਡਰ ਸਾਡੇ ਧਰਨਿਆਂ ਵਿੱਚ ਆ ਕੇ ਬੈਠਦੇ ਹੁੰਦੇ ਸੀ ਅਤੇ ਕਹਿੰਦੇ ਸੀ ਕਿ, ਸਾਡੀ ਸਰਕਾਰ ਆਉਣ ਤੇ ਤੁਹਾਡੀਆਂ ਸਾਰੀਆਂ ਮੰਗਾਂ ਨੂੰ ਮੰਨ ਲਿਆ ਜਾਵੇਗਾ।

ਪਰ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸੱਤਾ ਵਿੱਚ ਆਇਆ ਨੂੰ ਕਰੀਬ 2 ਮਹੀਨੇ ਤੋਂ ਜਿਆਦਾ ਵੇਲਾ ਹੋ ਚੁੱਕਿਆ ਹੈ, ਪਰ ਨਾ ਤਾਂ ਸਰਕਾਰ ਦੇ ਕਿਸੇ ਨੁਮਾਇੰਦੇ ਵਲੋਂ ਸਾਡੇ ਨਾਲ ਮੀਟਿੰਗ ਕੀਤੀ ਗਈ ਅਤੇ ਨਾ ਹੀ ਸਾਡੇ ਬਾਰੇ ਕੋਈ ਫ਼ੈਸਲਾ ਸੀਐਮ ਭਗਵੰਤ ਮਾਨ ਦੇ ਵੱਲੋਂ ਲਿਆ ਗਿਆ ਹੈ।

ਅਧਿਆਪਕਾਂ ਨੇ ਐਲਾਨ ਕੀਤਾ ਕਿ, ਉਹ ਆਪਣਾ ਪੱਕਾ ਮੋਰਚਾ 1 ਜੂਨ ਤੋਂ 20 ਜੂਨ ਤੱਕ ਪਰਿਵਾਰਾਂ ਸਮੇਤ ਲਾਉਣਗੇ।

## ਕਾਂਗਰਸ ਨੂੰ ਵੱਡਾ ਝਟਕਾ; ਹਾਰਦਿਕ ਪਟੇਲ ਨੇ ਦਿੱਤਾ ਅਸਤੀ.ਫਾ

**ਨਵੀਂ ਦਿੱਲੀ/ਲੋਕ ਬਾਣੀ**

ਪਿਛਲੇ ਲੰਮੇ ਸਮੇਂ ਤੋਂ ਕਾਂਗਰਸ ਨਾਲ ਨਰਾਜ਼ ਚੱਲੇ ਆ ਰਹੇ ਸੀਨੀਅਰ ਕਾਂਗਰਸੀ ਲੀਡਰ ਅਤੇ ਗੁਜਰਾਤ ਪ੍ਰਦੇਸ਼ ਕਾਰਜਕਾਰੀ ਪ੍ਰਧਾਨ ਹਾਰਦਿਕ ਪਟੇਲ ਨੇ ਅਸਤੀ.ਫਾ ਦੇ ਦਿੱਤਾ ਹੈ।

ਦਰਅਸਲ, ਇਹ ਜਾਣਕਾਰੀ ਹਾਰਦਿਕ ਪਟੇਲ ਨੇ ਆਪਣੇ ਟਵਿੱਟਰ ਹੈਂਡਲ ਤੇ ਦਿੱਤੀ।



## ਦਿੱਲੀ ਦੇ ਉੱਪ ਰਾਜਪਾਲ ਅਨਿਲ ਬੈਜਲ ਨੇ ਦਿੱਤਾ ਅਸਤੀਫਾ

**ਨਵੀਂ ਦਿੱਲੀ/ਲੋਕ ਬਾਣੀ:-** ਦਿੱਲੀ ਦੇ ਉੱਪ ਰਾਜਪਾਲ ਅਨਿਲ ਬੈਜਲ ਨੇ ਬੁੱਧਵਾਰ ਨੂੰ ਅਸਤੀਫਾ ਦੇ ਦਿੱਤਾ। ਬੈਜਲ ਨੇ ਨਿੱਜੀ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਆਪਣਾ ਅਸਤੀਫਾ ਰਾਮਨਾਥ ਕੋਵਿੰਦ ਨੂੰ ਭੇਜ ਦਿੱਤਾ ਹੈ। ਸਾਬਕਾ ਨੌਕਰਸ਼ਾਹ ਬੈਜਲ ਨੇ 31 ਦਸੰਬਰ 2016 ਨੂੰ ਸ਼੍ਰੀ ਨਜੀਬ ਜੰਗ ਦੇ ਅਸਤੀਫੇ ਤੋਂ ਬਾਅਦ ਇਸ ਅਹੁਦੇ ਦਾ ਕੰਮ ਸੰਭਾਲਿਆ ਸੀ। ਦੱਸਣਯੋਗ ਹੈ ਕਿ ਬੈਜਲ ਅਤੇ ਦਿੱਲੀ ‘ਚ ਸ਼ਾਸਿਤ ਆਮ ਆਦਮੀ ਪਾਰਟੀ (ਆਪ) ਸਰਕਾਰ ਦਰਮਿਆਨ ਵੱਖ-ਵੱਖ ਮੁੱਦਿਆਂ ‘ਤੇ ਤਨਾਤਨੀ ਰਹੀ ਹੈ। ਇਸ ਸਾਲ ਵੀ ਕੋਰੋਨਾ ਦੀ ਚੌਥੀ ਲਹਿਰ ਦੌਰਾਨ ਓਡ-ਈਵਨ ਨਿਯਮ ‘ਤੇ ਦਿੱਲੀ ਸਰਕਾਰ ਅਤੇ ਐੱਲ.ਜੀ. ਦੀ ਇਕ ਰਾਏ ਨਹੀਂ ਬਣੀ।

# ਪੰਜਾਬ ‘ਚ ਕੇਂਦਰੀ ਫ਼ੋਰਸ ਤਾਇਨਾਤ ਕਰਨ ਦੀ ਤਿਆਰੀ?

**ਚੰਡੀਗੜ੍ਹ/ਲੋਕ ਬਾਣੀ**

ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸੂਬੇ ਲਈ ਸੁਰੱਖਿਆ ਸਬੰਧੀ ਚੁਣੌਤੀਆਂ ਦਾ ਹਵਾਲਾ ਦੇ ਕੇ ਕੇਂਦਰ ਤੋਂ ਵਾਧੂ ਸੁਰੱਖਿਆ ਫੋਰਸ ਮੰਗੇ ਜਾਣ ‘ਤੇ ਨਿੰਦਾ ਕੀਤੀ ਹੈ। ਪੰਜਾਬ ਸਰਕਾਰ ਵੱਲੋਂ ਕੇਂਦਰ ਤੋਂ ਸੂਬੇ ਅੰਦਰ ਵਾਧੂ ਸੁਰੱਖਿਆ ਫੋਰਸ ਤੈਨਾਤ ਕੀਤੇ ਜਾਣ ਸਬੰਧੀ ਅਪੀਲ ਤੇ ਪ੍ਰਤੀਕਿਰਿਆ ਜ਼ਾਹਿਰ ਕਰਦਿਆਂ, ਇਕ ਬਿਆਨ ਰਾਹੀਂ ਵੜਿੰਗ ਨੇ ਕਿਹਾ ਕਿ ਇਹ ਨਾ ਸਿਰਫ ਸੁਰੱਖਿਆ ਦੇ ਮੋਰਚੇ ਤੇ ਸਰਕਾਰ ਦੀ ਅਸਫ਼ਲਤਾ ਨੂੰ ਦਰਸਾਉਂਦਾ ਹੈ, ਸਗੋਂ ਆਮ ਆਦਮੀ ਪਾਰਟੀ ਸਰਕਾਰ ਦੇ ਖੁਦ ਤੇ ਅਤੇ ਪੰਜਾਬ ਪੁਲਸ ਦੀ ਕਾਬਲੀਅਤ ਤੇ ਭਰੋਸਾ ਨਾ ਹੋਣ ਨੂੰ ਵੀ ਪੇਸ਼ ਕਰਦਾ ਹੈ।

ਸੂਬਾ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਵੱਲੋਂ ਲਗਾਤਾਰ ਸਰਕਾਰ ਨੂੰ ਪੰਜਾਬ ਚ ਪੇਸ਼ ਆ ਰਹੀਆਂ ਸੁਰੱਖਿਆ ਸਬੰਧੀ ਚੁਣੌਤੀਆਂ ਅਤੇ ਉਨ੍ਹਾਂ ਨਾਲ ਨਿਪਟਣ ਚ ਸੂਬਾ ਸਰਕਾਰ ਅੰਦਰ ਤਜਰਬੇ ਦੀ ਘਾਟ ਨੂੰ ਲੈ ਕੇ ਚਿਤਾਵਨੀ ਦਿੱਤੀ ਜਾ ਰਹੀ ਹੈ। ਅਜਿਹੇ ਵਿੱਚ ਸੂਬੇ ਵੱਲੋਂ ਸੁਰੱਖਿਆ ਲਈ ਕੇਂਦਰ ਤੋਂ ਸਹਾਇਤਾ ਮੰਗਣ ਤੇ ਇਨ੍ਹਾਂ ਅੰਦਰ ਤਜਰਬੇ ਦੀ ਘਾਟ ਸਬੰਧੀ ਸਾਡਾ ਪੱਖ ਸਾਬਿਤ ਹੋ ਗਿਆ ਹੈ।

ਉਨ੍ਹਾਂ ਨੇ ਮਾਨ ਸਰਕਾਰ ਦੀ ਪੰਜਾਬ ਪੁਲੀਸ ਚ ਭਰੋਸੇ ਦੀ ਘਾਟ ਨੂੰ ਲੈ ਕੇ ਆਲੋਚਨਾ ਕੀਤੀ ਹੈ, ਨਹੀਂ ਤਾਂ ਉਹ ਕੇਂਦਰੀ ਫੋਰਸਾਂ ਲਈ ਅਪੀਲ ਨਹੀਂ ਕਦੇ। ਵੜਿੰਗ ਨੇ ਮਾਨ ਨੂੰ ਕਿਹਾ ਕਿ ਉਨ੍ਹਾਂ ਨੂੰ ਵਿਸ਼ਵਾਸ ਹੈ ਕਿ ਤੁਹਾਨੂੰ ਬਤੌਰ ਪੰਜਾਬੀ ਇਹ ਜ਼ਰੂਰ ਪਤਾ ਹੋਣਾ ਚਾਹੀਦਾ ਹੈ ਕਿ ਸਾਡੀ ਪੰਜਾਬ ਪੁਲਸ ਕਿਸੇ ਵੀ ਤਰ੍ਹਾਂ ਦੀ ਚੁਣੌਤੀ ਨਾਲ ਨਿਪਟਣ ਲਈ ਕਿੰਨੇ ਕਾਬਲ ਅਤੇ ਭਰੋਸੇਮੰਦ ਹੈ। ਪਰ ਸਮੱਸਿਆ ਇਹ ਹੈ ਕਿ ਅਜਿਹੇ ਫੈਸਲੇ ਲੈਣ ਵਾਲਿਆਂ ਨੂੰ ਪੰਜਾਬ ਅਤੇ ਉਸਦੀ ਪੁਲੀਸ ਬਾਰੇ ਕੋਈ ਜਾਣਕਾਰੀ ਨਹੀਂ ਹੈ।

ਵੜਿੰਗ ਨੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਵੀ ਚੁਟਕੀ ਲਈ, ਜਿਹੜੇ ਸਿੱਧੇ ਤੌਰ ਤੇ ਕੇਂਦਰ ਤੋਂ ਵਾਧੂ ਸੁਰੱਖਿਆ ਫੋਰਸ ਮੰਗਾਏ ਜਾਣ ਪਿੱਛੇ ਹਨ ਤੇ ਕਿਹਾ ਕਿ ਕੇਜਰੀਵਾਲ ਆਪਣੀ ਨਿੱਜੀ ਸੁਰੱਖਿਆ ਲਈ ਪੰਜਾਬ ਤੋਂ ਕਮਾਂਡੋ ਲੈਂਦੇ ਹਨ, ਪਰ ਸੂਬੇ ਦੀ ਸੁਰੱਖਿਆ ਲਈ ਉਨ੍ਹਾਂ ਦੀ ਪਾਰਟੀ ਦੀ ਸਰਕਾਰ ਕੇਂਦਰ ਤੋਂ ਭੀਖ ਮੰਗ ਰਹੀ ਹੈ।

ਸੂਬਾ ਕਾਂਗਰਸ ਪ੍ਰਧਾਨ ਨੇ ਆਪ ਸਰਕਾਰ ਨੂੰ ਵਾਧੂ ਸੁਰੱਖਿਆ ਫੋਰਸ ਮੰਗੇ ਜਾਣ ਦੇ ਮਾਮਲੇ ਚ ਸੂਬੇ ਦੀ ਵਿੱਤੀ ਚਿੰਤਾਵਾਂ ਬਾਰਿਸ਼ ਦੀ ਚਿਤਾਵਨੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਸ ਸੰਬੰਧ ਚ ਪੁਰਾਣਾ ਤਜਰਬਾ ਬਹੁਤ ਮਾੜਾ ਹੈ ਕਿਉਂਕਿ ਸੁਰੱਖਿਆ ਸੰਬੰਧੀ ਖ਼ਰਚੇ ਦੇ ਕਾਰਨ ਹੀ ਸੂਬੇ ਤੇ ਭਾਰੀ ਕਰਜਾ ਚੜ੍ਹਿਆ ਸੀ। ਸੂਬੇ ਦੀ ਗੰਭੀਰ ਵਿੱਤੀ ਹਾਲਤ ਦੇ ਮੱਦੇਨਜ਼ਰ ਅਜਿਹੇ ਸਾਰੇ ਕਦਮ ਚੁੱਕਣ ਤੋਂ ਪਹਿਲਾਂ ਗੰਭੀਰਤਾ ਨਾਲ ਵਿਚਾਰ ਕਰਨਾ ਜਰੂਰੀ ਹੈ।

ਇਸ ਵਾਰ ਉਨ੍ਹਾਂ ਨੇ ਸਪੱਸ਼ਟ ਕੀਤਾ ਕਿ ਜੇਕਰ ਸਰਕਾਰ ਨੂੰ ਸੱਚਮੁੱਚ ਲੱਗਦਾ ਹੈ ਕਿ ਉਸ ਨੂੰ ਵਾਧੂ ਸੁਰੱਖਿਆ ਫੋਰਸ ਦੀ ਲੋੜ ਹੈ, ਤਾਂ ਉਸ ਨੂੰ ਅੱਗੇ ਵਧਣਾ ਚਾਹੀਦਾ ਹੈ, ਕਿਉਂਕਿ ਸੂਬੇ ਦੀ ਸੁਰੱਖਿਆ ਸਭ ਤੋਂ ਪਹਿਲਾਂ ਹੈ ਅਤੇ ਉਸ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ।

# ਸਾਬਕਾ ਕਾਂਗਰਸੀ ਵਿਧਾਇਕ ਪਰਮਿੰਦਰ ਪਿੰਕੀ ਨੂੰ ਅੱਤਵਾਦੀਆਂ ਤੋਂ ਖ਼ਤਰਾ, ਜਾਨ ਦੀ ਸੁਰੱਖਿਆ ਨੂੰ ਲੈ ਕੇ ਹਾਈਕੋਰਟ ‘ਚ ਦਾਇਰ ਕੀਤੀ ਪਟੀਸ਼ਨ

**ਚੰਡੀਗੜ੍ਹ/ਲੋਕ ਬਾਣੀ**

ਫਿਰੋਜ਼ਪੁਰ ਸ਼ਹਿਰੀ ਹਲਕੇ ਤੋਂ ਸਾਬਕਾ ਵਿਧਾਇਕ ਪਰਮਿੰਦਰ ਪਿੰਕੀ ਨੇ ਆਪਣੀ ਜਾਨ ਨੂੰ ਖ਼ਤਰਾ ਦੱਸ ਕੇ ਹਾਈਕੋਰਟ ਵਿੱਚ ਇੱਕ ਪਟੀਸ਼ਨ ਦਾਇਰ ਕੀਤੀ ਹੈ। ਪਿੰਕੀ ਨੇ ਦੋਸ਼ ਲਗਾਇਆ ਹੈ ਕਿ, ਉਹਦੀ ਜਾਨ ਨੂੰ ਅੱਤਵਾਦੀਆਂ ਤੋਂ ਖ਼ਤਰਾ ਹੈ। ਪਰ ਸਰਕਾਰ ਨੇ ਉਹਦੀ ਸਾਰੀ ਸੁਰੱਖਿਆ ਵਾਪਸ ਲੈ ਲਈ ਹੈ।



ਮੀਡੀਆ ਰਿਪੋਰਟਾਂ ਦੀ ਮੰਨੀਏ ਤਾਂ, ਪਿੰਕੀ ਦੀ ਪਟੀਸ਼ਨ ਤੇ ਹਾਈਕੋਰਟ ਵੱਲੋਂ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਤੋਂ ਜਵਾਬ ਮੰਗਿਆ ਹੈ।

ਾਣਕਾਰੀ ਲਈ ਦੱਸ ਦਈਏ ਕਿ, ਕਾਂਗਰਸੀ ਰਾਜ ਵਿੱਚ ਸਾਬਕਾ ਵਿਧਾਇਕ ਪਿੰਕੀ ਨੂੰ ਜ਼ੈੱਡ ਸ਼੍ਰੇਣੀ ਦੀ ਸੁਰੱਖਿਆ ਦਿੱਤੀ ਗਈ ਸੀ ਅਤੇ ਉਹਦੇ ਕੋਲ ਕਰੀਬ 28 ਸੁਰੱਖਿਆ ਕਰਮੀਆਂ ਤੋਂ ਇਲਾਵਾ 1 ਪਾਇਲਟ ਵੀ ਸੀ।

ਪਰ ਪਿਛਲੇ ਦਿਨੀਂ ਭਗਵੰਤ ਮਾਨ ਸਰਕਾਰ ਨੇ ਪਿੰਕੀ ਸਮੇਤ ਕਈ ਲੀਡਰਾਂ ਦੀ ਸੁਰੱਖਿਆ ਵਾਪਸ ਲੈਣ ਦੇ ਹੁਕਮ ਜਾਰੀ ਕਰ ਦਿੱਤੇ ਸਨ, ਜਿਸ ਮਗਰੋਂ ਪਿੰਕੀ ਅਤੇ ਹੋਰਨਾਂ ਕਈ ਲੀਡਰਾਂ ਦੀ ਸੁਰੱਖਿਆ ਵਾਪਸ ਲੈਂਦਿਆਂ, ਪਿੰਕੀ ਨੂੰ ਸਿਰ.ਫ 2 ਹੀ ਸੁਰੱਖਿਆ ਕਰਮੀ ਦਿੱਤੇ ਸਨ।

## ਫੈਕਟਰੀ ਦੀ ਕੰਧ ਡਿੱਗਣ ਨਾਲ 12 ਮਜਦੂਰਾਂ ਦੀ ਮੌਤ

**ਮੋਰਬੀ/ਲੋਕ ਬਾਣੀ:-** ਗੁਜਰਾਤ ਦੇ ਮੋਰਬੀ ਜ਼?ਲ੍ਹੇ ‘ਚ ਨਮਕ ਪੈਕੇਜਿੰਗ ਫੈਕਟਰੀ ‘ਚ ਬੁੱਧਵਾਰ ਨੂੰ ਵੱਡਾ ਹਾਦਸਾ ਵਾਪਰਿਆ। ਫੈਕਟਰੀ ਦੀ ਕੰਧ ਡਿੱਗਣ ਨਾਲ ਘੱਟੋ-ਘੱਟ 12 ਮਜਦੂਰਾਂ ਦੀ ਮੌਤ ਹੋ ਗਈ। ਰਾਜ ਦੇ ਕਿਰਤ ਅਤੇ ਰੁਜਗਾਰ ਮੰਤਰੀ ਅਤੇ ਸਥਾਨਕ ਵਿਧਾਇਕ ਬ੍ਰਜੇਸ਼ ਮੇਰਜਾ ਨੇ ਕਿਹਾ ਕਿ ਇਹ ਦੁਖਦ ਘਟਨਾ ਹਲਵਾੜ ਉਦਯੋਗਿਕ ਖੇਤਰ ਦੇ ਅੰਦਰ ਸਥਿਤ ਸਾਗਰ ਸਾਲਟ ਫੈਕਟਰੀ ‘ਚ ਵਾਪਰੀ। ਉਨ੍ਹਾਂ ਕਿਹਾ,“ਘੱਟੋ-ਘੱਟ ਫੈਕਟਰੀ ਦੇ 12 ਮਜਦੂਰਾਂ ਦੀ ਮੌਤ ਹੋ ਗਈ ਹੈ। ਮਲਬੇ ਹੇਠਾਂ ਫਸੇ ਲੋਕਾਂ ਨੂੰ ਬਚਾਉਣ ਦੀ ਕੋਸ਼ਿਸ਼ ਹਾਲੇ ਵੀ ਜਾਰੀ ਹੈ।“

ਉੱਥੇ ਹੀ ਇਸ ਹਾਦਸੇ ਨੂੰ ਲੈ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀ ਦੁਖ ਜਤਾਇਆ ਹੈ। ਉਨ੍ਹਾਂ ਨੇ ਟਵੀਟ ਕਰ ਕੇ ਕਿਹਾ,“ਮੋਰਬੀ ‘ਚ ਕੰਧ ਡਿੱਗਣ ਨਾਲ ਹੋਈ ਤ੍ਰਾਸਦੀ ਦਿਲ ਝੰਜੋੜਨ ਵਾਲੀ ਹੈ। ਦੁਖ ਦੀ ਇਸ ਘੜੀ ‘ਚ ਮੇਰੀ ਹਮਦਰਦੀ ਸੋਗ ਪੀੜਤ ਪਰਿਵਾਰਾਂ ਨਾਲ ਹੈ। ਜਖਮੀਆਂ ਦੇ ਜਲਦ ਸਿਹਤਮੰਦ ਹੋਣ ਦੀ ਕਾਮਨਾ ਕਰਦਾ ਹਾਂ। ਸਥਾਨਕ ਅਧਿਕਾਰੀ ਪ੍ਰਭਾਵਿਤਾਂ ਨੂੰ ਹਰ ਸੰਭਵ ਮਦਦ ਪ੍ਰਦਾਨ ਕਰ ਰਹੇ ਹਨ।“ ਪੀ.ਐੱਮ. ਨੇ ਟਵੀਟ ਕਰ ਕੇ ਮੋਰਬੀ ‘ਚ ਹੋਏ ਹਾਦਸੇ ‘ਚ ਜਾਨ ਗੁਆਉਣ ਵਾਲਿਆਂ ਦੇ ਪਰਿਵਾਰਾਂ ਨੂੰ 2-2 ਲੱਖ ਰੁਪਏ ਦੇਣ ਅਤੇ ਜਖਮੀਆਂ ਨੂੰ 50-50 ਹਜਾਰ ਰੁਪਏ ਦੇਣ ਦਾ ਐਲਾਨ ਕੀਤਾ ਹੈ।

# ਪੰਜਾਬ ਸਕੂਲ ਸਿੱਖਿਆ ਬੋਰਡ ਵਿਵਾਦਾਂ ‘ਚ ਘਿਰਿਆ, ਪੇਪਰ ਮਾਰਕਿੰਗ ਕਰ ਰਹੇ ਅਧਿਆਪਕਾਂ ਨੇ ਕੀਤੇ ਵੱਡੇ ਖ਼ੁਲਾਸੇ



**ਜਲੰਧਰ/ਲੋਕ ਬਾਣੀ**

ਗੌਰਮਿੰਟ ਟੀਚਰਜ ਯੂਨੀਅਨ ਪੰਜਾਬ ਜਿਲਾ ਜਲੰਧਰ ਦੇ ਵਿੱਚ ਪੇਪਰਾਂ ਦੀ ਮਾਰਕਿੰਗ ਲਈ ਲੱਗੇ ਅਧਿਆਪਕਾਂ ਦੀ ਖੱਜਲ ਖੁਆਰੀ ਦਾ ਸਖਤ ਨੋਟਿਸ ਲਿਆ ਹੈ। ਆਗੂਆਂ ਨੇ ਕਿਹਾ ਕਿ ਬਹੁਤੀ ਵਾਰ ਅਧਿਆਪਕਾਂ ਨੂੰ ਪੇਪਰਾਂ ਦੀ ਮਾਰਕਿੰਗ ਲਈ ਜਲੰਧਰ ਜ਼?ਲ੍ਹੇ ਦੇ ਹੈਡਕੁਆਰਟਰ ਤੇ ਦੂਰ ਦੂਰ ਤੋਂ ਬੁਲਾਇਆ ਜਾਂਦਾ ਹੈ ਤੇ ਕਈ ਵਾਰ ਪੇਪਰਾਂ ਦੀਆਂ ਥੈਲੀਆਂ ਨਾ ਪਹੁੰਚਣ ਕਾਰਨ ਬੇ-ਰੰਗ ਵਾਪਸ ਮੁੜਨਾ ਪੈਂਦਾ ਹੈ।

ਇੱਕ ਪਾਸੇ ਤਾਂ ਸਕੂਲਾਂ ਵਿੱਚ ਪਹਿਲਾਂ ਹੀ ਅਧਿਆਪਕਾਂ ਦੀ ਘਾਟ ਹੈ ਤੇ ਦਸਵੀਂ ਤੇ ਬਾਹਰਵੀਂ ਦੇ ਪੇਪਰਾਂ ਵਿੱਚ ਅਧਿਆਪਕਾਂ ਦੀਆਂ ਡਿਊਟੀਆਂ ਲੱਗੀਆਂ ਹੋਈਆਂ ਹਨ ਤੇ ਬਾਕੀ ਰਹਿੰਦੇ ਸਟਾਫ ਨੂੰ ਬਿਨਾ ਕਿਸੇ ਟੀ ਏ, ਡੀ ਏ ਦੇ ਜਿਲਾ ਪੱਧਰ ਤੇ ਗਰਮੀ ਵਿੱਚ ਪੇਪਰਾਂ ਦੀ ਮਾਰਕਿੰਗ ਕਰਨ ਲਈ ਸੱਦਣਾ ਤਰਕਮਈ ਨਹੀਂ ਹੈ।

ਇਸ ਸਮੇਂ ਜਿਲਾ ਪ੍ਰਧਾਨ ਕਰਨੈਲ ਫਿਲੌਰ ਨੇ ਮੰਗ ਕੀਤੀ ਕਿ ਅਧਿਆਪਕਾਂ ਦੀ ਖੱਜਲ ਖੁਆਰੀ ਨੂੰ ਤਰੁੰਤ ਬੰਦ ਕੀਤਾ ਜਾਵੇ ਤੇ ਪੇਪਰਾਂ ਦੀ ਮਾਰਕਿੰਗ ਪਹਿਲਾਂ ਦੀ ਤਰ੍ਹਾਂ ਬਲਾਕ ਪੱਧਰ ਤੇ ਕਰਵਾਈ ਜਾਵੇ ਤਾਂ ਜੋ ਅਧਿਆਪਕਾਂ ਨੂੰ ਹਰ ਰੋਜ ਦੇ ਲੰਮੇ ਸਫਰ ਤੋਂ ਬਚਾਇਆ ਜਾਵੇ ਤੇ ਅਧਿਆਪਕਾਂ ਦੇ ਪੈਸੇ ਤੇ ਸਮੇਂ ਦੀ ਬਰਬਾਦੀ ਨੂੰ ਵੀ ਰੋਕਿਆ।

# ਬਾਪੂ ਗੁਰਯੋਗ ਸਿੰਘ (ਜੋਗਾ ਸਿੰਘ) ਚੀਮਾਂ ਨੂੰ ਵੱਖ ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ



**ਪਟਿਆਲਾ/ਇਕਬਾਲ ਸਿੰਘ**

ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਿਹਾਰ ਸਿੰਘ ਚੀਮਾਂ ਦੇ ਪਿਤਾ ਬਾਪੂ ਗੁਰਯੋਗ ਸਿੰਘ (ਜੋਗਾ ਸਿੰਘ) ਚੀਮਾਂ ਜੋ ਕਿ ਪਿਛਲੇ ਦਿਨੀਂ ਅਚਾਨਕ ਸਵਰਗ ਸਿਧਾਰ ਗਏ ਸਨ, ਦੀ ਆਤਮਿਕ ਸ਼ਾਂਤੀ ਲਈ ਰੱਖੇ ਪਾਠ ਦਾ ਭੋਗ ਉਨਾਂ ਦੇ ਪਿੰਡ ਸਮਸ਼ਪੁਰ ਵਿਖੇ ਪਿਆ ਅਤੇ ਅੰਤਿਮ ਅਰਦਾਸ ਇਤਿਹਾਸਕ ਗੁਰਦੁਆਰਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਬਹਾਦਰਗੜ੍ਹ ਪਟਿਆਲਾ ਵਿਖੇ ਹੋਈ। ਇਸ ਮੌਕੇ ਕਰਵਾਏ ਗਏ ਸ਼ਰਧਾਂਜਲੀ ਸਮਾਗਮ ਦੌਰਾਨ ਵੱਖ ਵੱਖ ਆਗੂਆਂ ਨੇ ਬਾਪੂ ਗੁਰਜੋਗ ਸਿੰਘ ਚੀਮਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਹਲਕਾ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਜ਼ੁਰਗ ਘਰ ਦਾ ਜਿੰਦਰਾ ਹੁੰਦੇ ਹਨ, ਜਿਸ ਦਾ ਪਤਾ ਉਨ੍ਹਾਂ ਦੇ ਤੁਰ ਜਾਣ ਤੋਂ ਬਾਅਦ ਪਰਿਵਾਰ ਨੂੰ ਲਗਦਾ ਹੈ। ਉਹ ਇੱਕ ਧਾਰਮਿਕ ਵਿਚਾਰਾਂ ਵਾਲੇ ਅਤੇ ਇੱਕ ਚੰਗੇ ਕਿਸਾਨ ਆਗੂ ਸਨ ਜਿਨ੍ਹਾਂ ਦੇ ਜਾਣ ਨਾਲ ਪਰਿਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਬਾਪੂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਨ ਵਾਲਿਆਂ ਵਿੱਚ ਗੁਰਲਾਲ ਸਿੰਘ ਵਿਧਾਇਕ ਹਲਕਾ ਘਨੌਰ, ਕੁਲਵੰਤ ਸਿੰਘ ਬਾਜ਼ੀਗਰ ਵਿਧਾਇਕ ਹਲਕਾ ਸ਼ੁਤਰਾਣਾ, ਡਾ. ਬਲਬੀਰ ਸਿੰਘ ਵਿਧਾਇਕ ਹਲਕਾ ਪਟਿਆਲਾ ਦਿਹਾਤੀ, ਚੇਤਨ ਸਿੰਘ ਜੌੜੇਮਾਜਰਾ ਵਿਧਾਇਕ ਹਲਕਾ ਸਮਾਣਾ, ਇੰਦਰਜੀਤ ਸਿੰਘ ਸੰਧੂ ਇੰਚਾਰਜ ਲੋਕ ਸਭਾ ਹਲਕਾ ਪਟਿਆਲਾ 'ਆਪ', ਹਰਮਿੰਦਰ ਸਿੰਘ ਬੀ.ਡੀ.ਪੀ.ਓ. ਸਨੌਰ ਤੇ ਸਾਰੇ ਪੰਚਾਇਤ ਸਕੱਤਰ, ਜਰਨੈਲ ਸਿੰਘ ਅਲੀਪੁਰ ਅਰਾਈਆਂ, ਹਰਜੀਤ ਸਿੰਘ ਚਮਾਰਹੇੜੀ, ਡਾ. ਕਰਮ ਸਿੰਘ ਰਾਜਗੜ੍ਹ, ਹਰਦੇਵ ਸਿੰਘ ਘੜਾਮ, ਰਾਜਵੀਰ ਸੰਧੂ, ਬੀਬੀ ਸਿਮਰਨਜੀਤ ਕੌਰ ਪਠਾਣਮਾਜਰਾ, ਬੀਬੀ ਹਰਪ੍ਰੀਤ ਕੌਰ ਮੁਖਮੈਲਪੁਰ, ਹਰਿੰਦਰਪਾਲ ਸਿੰਘ ਟੌਹੜਾ, ਗੁਰਬਚਨ ਸਿੰਘ ਵਿਰਕ ਪ੍ਰਧਾਨ ਟਰੱਕ ਯੂਨੀਅਨ ਦੇਵੀਗੜ੍ਹ, ਮੇਘ ਚੰਦ ਸ਼ੇਰਮਾਜਰਾ, ਡਾ. ਗੁਰਮੀਤ ਸਿੰਘ ਬਿੱਟੂ ਉਪ ਚੇਅਰਮੈਨ, ਮਨਿੰਦਰ ਫਰਾਂਸਵਾਲਾ, ਬਲਦੇਵ ਸਿੰਘ ਦੇਵੀਗੜ੍ਹ, ਸਿਮਰਜੀਤ ਸਿੰਘ ਸੋਹਲ ਪ੍ਰਧਾਨ, ਅਮਨ ਢੋਟ ਪ੍ਰਧਾਨ, ਜੋਗਿੰਦਰ ਸਿੰਘ ਚੂਹਟ, ਪ੍ਰਧਾਨ ਸਰਪੰਚ ਯੂਨੀਅਨ, ਬਲਕਾਰ ਸਿੰਘ ਉਪਲੀ, ਸਾਹਿਬ ਸਿੰਘ ਸੰਧੂ, ਨਵੀ ਹਾਜੀਪੁਰ, ਰਾਜਾ ਧੰਜੂ, ਗੁਰਭੇਜ ਸਰਪੰਚ ਮਾੜੂ, ਗੁਰਮੀਤ ਸਿੰਘ ਗਿੱਲ, ਸੂਬਾ ਸਿੰਘ ਸਰਪੰਚ, ਕੁਲਦੀਪ ਮਿੱਠੂਮਾਜਰਾ, ਸਤਨਾਮ ਸਿੰਘ ਸੰਧੂ, ਦਵਿੰਦਰ ਸਿੰਘ ਰਾਠੀਆਂ, ਮਨਦੀਪ ਲੱਕੀ, ਮਲਕ ਸਿੰਘ ਅਤੇ ਸਮੂਹ ਬਹਾਦਰਗੜ੍ਹ ਟੀਮ ਨੇ ਪਰਿਵਾਰਿਕ ਮੈਂਬਰਾਂ ਬਲਿਹਾਰ ਸਿੰਘ ਚੀਮਾ, ਗੁਰਮੁੱਖ ਸਿੰਘ ਚੀਮਾਂ ਇਟਲੀ, ਦਵਿੰਦਰ ਸਿੰਘ ਚੀਮਾਂ, ਸੁਖਬੀਰ ਸਿੰਘ ਯੂ.ਕੇ., ਪਰਵਿੰਦਰ ਸਿੰਘ, ਯੁਵਰਾਜ ਸਿੰਘ ਆਦਿ ਨਾਲ ਦੁੱਖ ਸਾਂਝਾ ਕੀਤਾ। ਅਖੀਰ ਵਿੱਚ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੇ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ।

# ਪੁਲਿਸ ਕਮਿਸ਼ਨਰ ਵੱਲੋਂ ਕਮਿਸ਼ਨਰੇਟ ਲੁਧਿਆਣਾ ਅੰਦਰ ਸਮੂਹ ਦੁਕਾਨਦਾਰਾਂ ਨੂੰ ਮੋਬਾਇਲ ਵੇਚਣ ਅਤੇ ਖ਼੍ਰੀਦਣ ਵਾਲੇ ਦਾ ਪੂਰਾ ਸ਼ਨਾਖ਼ਤੀ ਰਿਕਾਰਡ ਹਾਸਲ ਕਰਨ ਦੇ ਹੁਕਮ ਜਾਰੀ



**ਲੁਧਿਆਣਾ/ਸੁਖਚੈਨ ਮਹਿਰਾ:-** ਪੁਲਿਸ ਕਮਿਸ਼ਨਰ ਲੁਧਿਆਣਾ ਡਾ. ਕੌਸ਼ਤੁਭ ਸ਼ਰਮਾ ਨੇ ਜਾਬਤਾ ਫੌਜਦਾਰੀ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਸੌਂਪੇ ਗਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਪੁਲਿਸ ਕਮਿਸ਼ਨਰੇਟ ਲੁਧਿਆਣਾ ਅੰਦਰ ਸਮੂਹ ਦੁਕਾਨਦਾਰਾਂ ਨੂੰ ਮੋਬਾਇਲ ਵੇਚਣ ਅਤੇ ਖ਼੍ਰੀਦਣ ਸਮੇਂ ਵੇਚਕਾਰ ਅਤੇ ਖਰੀਦਕਾਰ ਦਾ ਪੂਰਾ ਸ਼ਨਾਖ਼ਤੀ ਰਿਕਾਰਡ ਹਾਸਲ ਕੀਤਾ ਜਾਵੇ।

ਪੁਲਿਸ ਕਮਿਸ਼ਨਰ ਦੇ ਧਿਆਨ ਵਿੱਚ ਆਇਆ ਹੈ ਕਿ ਲੁਧਿਆਣਾ ਕਮਿਸ਼ਨਰੇਟ ਇਲਾਕੇ ਅੰਦਰ ਸਮਾਜ ਵਿਰੋਧੀ ਅਨਸਰਾਂ ਵੱਲੋਂ ਮੋਬਾਇਲ ਖੋਹ ਕਰਕੇ ਆਮ ਦੁਕਾਨਦਾਰਾਂ ਪਾਸ ਵੇਚ ਦਿੱਤੇ ਜਾਂਦੇ ਹਨ। ਦੁਕਾਨਦਾਰਾਂ ਵੱਲੋਂ ਮੋਬਾਇਲ ਖਰੀਦ ਕਰਦੇ ਸਮੇਂ ਮੋਬਾਇਲ ਵੇਚਣ ਵਾਲੇ ਅਤੇ ਖਰੀਦਣ ਵਾਲੇ ਦਾ ਕੋਈ ਵੀ ਸ਼ਨਾਖ਼ਤੀ ਪਤਾ ਹਾਸਲ ਨਹੀਂ ਕੀਤਾ ਜਾਂਦਾ ਹੈ। ਅਜਿਹੀਆਂ ਵਾਰਦਾਤਾਂ ਨਾਲ ਆਮ ਪਬਲਿਕ ਵਿੱਚ ਸਹਿਮ ਦਾ ਮਾਹੌਲ ਪੈਦਾ ਹੁੰਦਾ ਹੈ ਅਤੇ ਕਾਨੂੰਨੀ ਵਿਵਸਥਾ ਵਿਗੜਨ ਦੀ ਸਥਿਤੀ ਬਣੀ ਰਹਿੰਦੀ ਹੈ। ਇਸ ਲਈ ਪਬਲਿਕ ਹਿੱਤ ਵਿੱਚ ਵਿਸ਼ੇਸ਼ ਕਦਮ ਚੁੱਕਣ ਦੀ ਜ਼ਰੂਰਤ ਹੈ।

ਪੁਲਿਸ ਕਮਿਸ਼ਨਰ ਵੱਲੋਂ ਪਬਲਿਕ ਹਿੱਤ ਵਿੱਚ ਪੁਲਿਸ ਕਮਿਸ਼ਨਰੇਟ ਲੁਧਿਆਣਾ ਦੇ ਇਲਾਕੇ ਅੰਦਰ ਸਮੂਹ ਦੁਕਾਨਦਾਰ ਜੋ ਮੋਬਾਇਲ ਵੇਚਣ ਅਤੇ ਖ਼੍ਰੀਦਣ ਦਾ ਕੰਮ ਕਰਦੇ ਹਨ ਉਨ੍ਹਾਂ ਦੁਕਾਨਾਂ ਦੇ ਮਾਲਕਾਂ ਨੂੰ ਹੁਕਮ ਜਾਰੀ ਕੀਤੇ ਗਏ ਹਨ ਕਿ ਮੋਬਾਇਲ ਵੇਚਣ ਅਤੇ ਖ਼੍ਰੀਦਣ ਸਮੇਂ ਵੇਚਣ ਵਾਲੇ ਅਤੇ ਖਰੀਦਦਾਰ ਦਾ ਪੂਰਾ ਸ਼ਨਾਖ਼ਤੀ ਰਿਕਾਰਡ ਹਾਸਲ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਹ ਹੁਕਮ 17 ਮਈ, 2022 ਤੋਂ ਅਗਲੇ 2 ਮਹੀਨੇ ਤੱਕ ਲਾਗੂ ਰਹਿਣਗੇ।

# ਮੁੱਖ ਮੰਤਰੀ ਭਗਵੰਤ ਮਾਨ ਨੇ ਬੇਰੁਜ਼ਗਾਰਾਂ ਨੂੰ ਸੌਂਪੇ ਨਿਯੁਕਤੀ ਪੱਤਰ



**ਪਟਿਆਲਾ/ਇਕਬਾਲ ਸਿੰਘ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਸਥਾਨਕ ਸਰਕਾਰਾਂ ਅਤੇ ਪੁਲਿਸ ਵਿਭਾਗਾਂ ਵਿੱਚ ਤਰਸ ਦੇ ਆਧਾਰ 'ਤੇ ਨਿਯੁਕਤ ਹੋਏ 57 ਵਿਅਕਤੀਆਂ ਨੂੰ ਨਿਯੁਕਤੀ ਪੱਤਰ ਸੌਂਪੇ। ਇੱਥੇ ਪੰਜਾਬ ਭਵਨ ਵਿਖੇ ਤਰਸ ਦੇ ਆਧਾਰ 'ਤੇ ਨੌਕਰੀਆਂ ਲਈ ਨਿਯੁਕਤੀ ਪੱਤਰ ਸੌਂਪਦਿਆਂ ਮੁੱਖ ਮੰਤਰੀ ਨੇ ਉਨਾਂ ਦੇ ਕਰੀਅਰ ਦੀ ਸਫਲਤਾ ਅਤੇ ਬਿਹਤਰ ਭਵਿੱਖ ਦੀ ਕਾਮਨਾ ਕੀਤੀ।

ਉਨਾਂ ਦੱਸਿਆ ਕਿ ਇਨਾਂ 57 ਨਿਯੁਕਤੀਆਂ ਵਿੱਚੋਂ 50 ਸਥਾਨਕ ਸਰਕਾਰਾਂ ਵਿਭਾਗ ਨਾਲ ਜਦਕਿ 7 ਪੁਲਿਸ ਵਿਭਾਗ ਨਾਲ ਸਬੰਧਤ ਹਨ। ਭਗਵੰਤ ਮਾਨ ਨੇ ਕਿਹਾ ਕਿ ਅੱਜ ਨਿਯੁਕਤ ਹੋਏ ਨੌਜਵਾਨਾਂ ਨੂੰ ਰੋਟੀ-ਰੋਜ਼ੀ ਕਮਾਉਣ ਵਾਲੇ ਪਰਿਵਾਰਕ ਜੀਅ ਦੇ ਗੁਜ਼ਰਨ ਤੋਂ ਬਾਅਦ ਕਈ ਔਕੜਾਂ ਵਿੱਚੋਂ ਲੰਘਣਾ ਪਿਆ।

ਮੁੱਖ ਮੰਤਰੀ ਨੇ ਕਿਹਾ ਕਿ ਉਨਾਂ ਦੇ ਨਜਦੀਕੀਆਂ ਦਾ ਤੁਰ ਜਾਣਾ ਨਾ ਪੂਰਿਆ ਜਾਣ ਵਾਲਾ ਘਾਟਾ ਹੈ ਅਤੇ ਇਸ ਦੀ ਪੂਰਤੀ ਨਹੀਂ ਕੀਤੀ ਜਾ ਸਕਦੀ। ਹਾਲਾਂਕਿ, ਭਗਵੰਤ ਮਾਨ ਨੇ ਕਿਹਾ ਕਿ ਇਹ ਨਿਯੁਕਤੀਆਂ ਇਨਾਂ ਪਰਿਵਾਰਾਂ ਦੇ ਦੁੱਖ ਘਟਾਉਣ ਵਿੱਚ ਸਹਾਈ ਹੋਣ ਦੇ ਨਾਲ ਨਾਲ ਉਨਾਂ ਨੂੰ ਮਾਣ-ਇੱਜਤ ਅਤੇ ਸਨਮਾਨਜਨਕ ਢੰਗ ਨਾਲ ਜੀਵਨ ਬਸਰ ਕਰਨ ਵਿੱਚ ਮਦਦਗਾਰ ਸਾਬਤ ਹੋਣਗੀਆਂ।

ਮੁੱਖ ਮੰਤਰੀ ਨੇ ਕਿਹਾ ਕਿ ਉਨਾਂ ਨੇ ਪਹਿਲਾਂ ਹੀ ਸਾਰੇ ਵਿਭਾਗਾਂ ਨੂੰ ਤਰਸ ਦੇ ਆਧਾਰ 'ਤੇ ਨਿਯੁਕਤੀਆਂ ਲਈ ਅਸਾਮੀਆਂ ਭਰਨ ਦੀ ਪ੍ਰਕਿਰਿਆ ਨੂੰ ਤੇਜ ਕਰਨ ਲਈ ਕਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ 26,754 ਅਸਾਮੀਆਂ ਭਰਨ ਲਈ ਵੱਡੇ ਪੱਧਰ 'ਤੇ ਭਰਤੀ ਮੁਹਿੰਮ ਸੁਰੂ ਕੀਤੀ ਹੈ। ਭਗਵੰਤ ਮਾਨ ਨੇ ਕਿਹਾ ਕਿ ਉਹ ਪਹਿਲਾਂ ਹੀ ਵੱਖ-ਵੱਖ ਵਿਭਾਗਾਂ ਨੂੰ ਇਨਾਂ ਅਸਾਮੀਆਂ ਨੂੰ ਭਰਨ ਦੀ ਪ੍ਰਕਿਰਿਆ ਤੇਜ ਕਰਨ ਲਈ ਕਹਿ ਚੁੱਕੇ ਹਨ। ਉਨਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਇਨਾਂ ਅਸਾਮੀਆਂ ਨੂੰ ਭਰਨ ਦੀ ਪ੍ਰਕਿਰਿਆ ਨੂੰ ਪਾਰਦਰਸੀ ਅਤੇ ਨਿਰਪੱਖ ਢੰਗ ਨਾਲ ਨੇਪਰੇ ਚਾੜ੍ਹਨ ਲਈ ਵਚਨਬੱਧ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੁੱਖ ਸਕੱਤਰ ਅਨਿਰੁਧ ਤਿਵਾੜੀ, ਡੀ.ਜੀ.ਪੀ. ਵੀ.ਕੇ. ਭਾਵਰਾ, ਪ੍ਰਮੁੱਖ ਸਥਾਨਕ ਸਰਕਾਰਾਂ ਵਿਵੇਕ ਪ੍ਰਤਾਪ ਸਿੰਘ ਅਤੇ ਮੁੱਖ ਮੰਤਰੀ ਦੇ ਵਿਸੇਸ ਪ੍ਰਮੁੱਖ ਸਕੱਤਰ ਰਵੀ ਭਗਤ ਹਾਜਰ ਸਨ।

# ਪਟਿਆਲਾ ਦੇ ਸੇਖੂਪੁਰਾ ਇਲਾਕੇ ਵਿੱਚ 22 ਸਾਲਾਂ ਨੌਜਵਾਨ ਦੇ ਮਾਰੀ ਗੋਲੀ



## ਵਿਧਾਇਕ ਗੁਰਲਾਲ ਘਨੌਰ ਦੀ ਗੱਡੀ ਵਿੱਚ ਜਖਮੀ ਨੂੰ ਪਹੁੰਚਾਇਆ ਹਸਪਤਾਲ

**ਪਟਿਆਲਾ/ਇਕਬਾਲ ਸਿੰਘ:** ਪਟਿਆਲਾ ਦੇ ਨੇੜਲੇ ਪਿੰਡ ਸੇਖੂਪੁਰਾ ਵਿਚ ਬੀਤੀ ਰਾਤ ਗੋਲੀ ਚੱਲਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਗੋਲੀ ਰਾਤ ਲਗਭਗ 8:30 ਵਜੇ ਉਸ ਸਮੇਂ ਚੱਲੀ ਜਦੋਂ ਪਿੰਡ ਵਿੱਚ ਇੱਕ ਸਮਾਰੋਹ ਚੱਲ ਰਿਹਾ ਸੀ। ਪਿੰਡ ਮੋਹੱਬਤਪੁਰ ਦੇ 22 ਸਾਲਾਂ ਨੌਜਵਾਨ ਜਗਮੀਤ ਸਿੰਘ ਦੇ ਪੱਟ ਵਿਚ ਲੱਗੀ ਹੈ। ਇਸ ਮੌਕੇ ਉਤੇ ਚੱਲ ਰਹੇ ਸਮਾਗਮ ਵਿਚ ਘਨੌਰ ਦੇ ਐੱਮ ਐਲ ਏ ਗੁਰਲਾਲ ਸਿੰਘ ਹਾਜਰ ਸਨ ਅਤੇ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ ਸੀ। ਗੋਲੀ ਉਸ ਵੇਲੇ ਚੱਲੀ ਜਦੋਂ ਸਨਮਾਨਿਤ ਹੋਣ ਤੋਂ ਬਾਅਦ ਜਦੋਂ ਵਿਧਾਇਕ ਗੁਰਲਾਲ ਘਨੌਰ ਵਾਪਿਸ ਜਾਣ ਲੱਗੇ। ਦੱਸਿਆ ਹੈ ਰਿਹਾ ਹੈ ਕਿ ਜਖਮੀ ਨੌਜਵਾਨ ਜਗਮੀਤ ਨੂੰ ਤੁਰੰਤ ਵਿਧਾਇਕ ਦੀ ਗੱਡੀ ਵਿੱਚ ਪਟਿਆਲਾ ਦੇ ਇਕ ਨਿੱਜੀ ਹਸਪਤਾਲ ਵਿਚ ਇਲਾਜ ਲਈ ਦਾਖਲ ਕਰਵਾਇਆ ਗਿਆ। ਸੂਤਰਾਂ ਮੁਤਾਬਕ ਜਾਣਕਾਰੀ ਮਿਲੀ ਹੈ ਕਿ ਨੌਜਵਾਨ ਉਤੇ ਪਿੰਡ ਮੋਹੱਬਤਪੁਰਾ ਦੇ ਗੋਲਡੀ ਅਤੇ ਪਿੰਡ ਸੰਕਰਪੁਰ ਦੇ ਅਮਰਜੀਤ ਸਿੰਘ ਅਤੇ ਹੋਰਾਂ ਨੇ ਆਪਣੇ ਦਰਜਨ ਭਰ ਸਾਥੀਆਂ ਨਾਲ ਉਥੇ ਪਹੁੰਚ ਕੇ ਨੌਜਵਾਨ ਜਗਮੀਤ ਸਿੰਘ ਦੇ ਗੋਲੀ ਮਾਰੀ ਅਤੇ ਫਰਾਰ ਹੋ ਗਏ। ਤਾਜਾ ਜਾਣਕਾਰੀ ਅਨੁਸਾਰ ਜਖਮੀ ਦਾ ਹਸਪਤਾਲ ਵਿਚ ਇਲਾਜ ਚੱਲ ਰਿਹਾ ਹੈ ਅਤੇ ਉਹ ਖਤਰੇ ਤੋਂ ਬਾਹਰ ਹੈ। ਉਧਰ, ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਇਸ ਸਬੰਧੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਦੋਸੀਆਂ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿਚ ਬਟਾਲਾ ਦੇ ਵਿਕਾਸ ਕਾਰਜ ਲਗਾਤਾਰ ਜਾਰੀ





**ਬਟਾਲਾ/ਸੁਖਨਾਮ ਸਿੰਘ:-** ਵਿਧਾਇਕ ਸ੍ਰੀ ਅਮਨ ਸ਼ੇਰ ਸਿੰਘ ਕਲਸੀ ਦੀ ਅਗਵਾਈ ਵਿੱਚ ਬਟਾਲਾ ਸ਼ਹਿਰ ਵਿੱਚ ਵਿਕਾਸ ਕਾਰਜ ਲਗਾਤਾਰ ਜਾਰੀ ਹਨ। ਬੀਤੇ ਦਿਨੀਂ ਵਿਧਾਇਕ ਸ੍ਰੀ ਕਲਸੀ ਵੱਲੋਂ ਭੰਡਾਰੀ ਗੇਟ ਦੇ ਬਾਹਰਵਾਰ ਸਮਸ਼ਾਨ ਘਾਟ ਨੂੰ ਜਾਂਦੇ ਰਸਤੇ ਨੂੰ ਪੱਕਿਆਂ ਕਰਨ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ ਸੀ ਅਤੇ ਉਹ ਕੰਮ ਤੇਜੀ ਨਾਲ ਚੱਲ ਰਿਹਾ ਹੈ। ਆਉਂਦੇ ਕੁਝ ਦਿਨਾਂ ਵਿੱਚ ਇਹ ਸੜਕ ਬਣ ਕੇ ਤਿਆਰ ਹੋ ਜਾਵੇਗੀ, ਜਿਸ ਨਾਲ ਇਸ ਇਲਾਕੇ ਦੇ ਵਸਨੀਕਾਂ ਅਤੇ ਰਾਹਗੀਰਾਂ ਨੂੰ ਵੱਡੀ ਸਹੂਲਤ ਮਿਲੇਗੀ।

ਵਿਧਾਇਕ ਸ੍ਰੀ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਤੇਜੀ ਲਿਆਉਣ ਲਈ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਤਾਂ ਜੋ ਵਿਕਾਸ ਕਾਰਜ ਜਲਦੀ ਮੁਕੰਮਲ ਹੋ ਸਕਣ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਜਿਨ੍ਹਾਂ ਇਲਾਕਿਆਂ ਵਿੱਚ ਸੀਵਰੇਜ ਅਤੇ ਜਲ ਸਪਲਾਈ ਦੀਆਂ ਲਾਈਨਾਂ ਪੈਣ ਦਾ ਕੰਮ ਮੁਕੰਮਲ ਹੋ ਗਿਆ ਹੈ ਓਥੇ ਹੁਣ ਜਲਦੀ ਹੀ ਪੱਕੇ ਰੋਡ ਬਣਾ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਕਾਦੀਆਂ ਚੁੰਗੀ ਤੋਂ ਜਲੰਧਰ ਬਾਈਪਾਸ ਤੱਕ ਸੀਵਰੇਜ ਲਗਭਗ ਪੈ ਗਿਆ ਹੈ ਅਤੇ ਇਸ ਸੜਕ ਨੂੰ ਵੀ ਜਲਦੀ ਹੀ ਮੋਟਰਏਬਲ ਕਰ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੀਵਰੇਜ ਦੀ ਮਿੱਟੀ ਬੈਠਣ ਤੋਂ ਬਾਅਦ ਇਸ ਰੋਡ ਨੂੰ ਨਵੇਂ ਸਿਰੇ ਤੋਂ ਬਣਾਇਆ ਜਾਵੇਗਾ। ਵਿਧਾਇਕ ਸ੍ਰੀ ਕਲਸੀ ਨੇ ਕਿਹਾ ਕਿ ਬਟਾਲਾ ਸ਼ਹਿਰ ਦਾ ਸਰਬਪੱਖੀ ਵਿਕਾਸ ਹੀ ਉਨ੍ਹਾਂ ਦੇ ਏਜੰਡਾ ਹੈ ਅਤੇ ਸ਼ਹਿਰ ਦੇ ਵਿਕਾਸ ਵਿੱਚ ਕੋਈ ਕਮੀਂ ਨਹੀਂ ਛੱਡੀ ਜਾਵੇਗੀ।

# ਜਲਿਆਂਵਾਲਾ ਬਾਗ ਆਮ ਨਾਗਰਿਕ ਸਵੇਰ ਦੀ ਸੈਰ ਲਈ ਗਰਮੀਆਂ ਵਿੱਚ ਸਵੇਰ 6 ਵਜੇ ਅਤੇ ਸਰਦੀਆਂ ਵਿੱਚ ਸਵੇਰ 7 ਵਜੇ ਖੁੱਲੇਗਾ -ਜਿਲ੍ਹਾ ਮੈਜਿਸਟਰੇਟ



**ਅੰਮ੍ਰਿਤਸਰ/ਰਾਜਾ ਕੋਟਲੀ**

ਆਮ ਨਾਗਰਿਕਾਂ ਵਿੱਚ ਕਾਫੀ ਰੋਸ ਪਾਇਆ ਜਾ ਰਿਹਾ ਸੀ ਕਿ ਜਲਿਆਂਵਾਲਾ ਬਾਗ ਵਿੱਚ ਪ੍ਰਾਈਵੇਟ ਠੇਕੇਦਾਰ ਵੱਲੋਂ ਆਵਾਜਾਈ ਦਾ ਸਮਾਂ ਸਵੇਰ 9 ਵਜੇ ਅਤੇ ਸ਼ਾਮ ਬੰਦ ਕਰਨ ਦਾ ਸਮਾਂ 8:15 ਵਜੇ ਰੱਖਿਆ ਗਿਆ ਹੈ ਜਿਸ ਨਾਲ ਰੋਜਮਰਾ ਸੈਰ ਕਰਨ ਵਾਲੇ ਲੋਕਾਂ ਨੂੰ ਮੁਸ਼ਕਲ ਪੇਸ਼ ਆ ਰਹੀ ਹੈ।

ਇਸ ਸਬੰਧੀ ਜਿਲ੍ਹਾ ਮੈਜਿਸਟਰੇਟ ਅੰਮ੍ਰਿਤਸਰ ਸ੍ਰੀ ਹਰਪ੍ਰੀਤ ਸਿੰਘ ਸੂਦਨ ਨੇ ਸੀ:ਆਰ:ਪੀ:ਸੀ ਦੀ ਧਾਰਾ 133 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਅਤੇ ਆਮ ਨਾਗਰਿਕਾਂ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਲੋਕਾਂ ਦੀ ਸੈਰ ਲਈ ਗਰਮੀਆਂ ਵਿੱਚ ਸਵੇਰੇ 6 ਵਜੇ ਅਤੇ ਸਰਦੀਆਂ ਵਿੱਚ ਸਵੇਰੇ 7 ਜਲਿਆਂਵਾਲਾ ਬਾਗ ਖੋਲਣ ਦੇ ਆਦੇਸ਼ ਜਾਰੀ ਕੀਤੇ ਹਨ ਅਤੇ ਸ਼ਾਮ ਨੂੰ ਜਲਿਆਂਵਾਲਾ ਬਾਗ ਬੰਦ ਕਰਨ ਦਾ ਸਮਾਂ 8:30 ਵਜੇ ਹੋਵੇਗਾ। ਉਨ੍ਹਾਂ ਦੱਸਿਆ ਕਿ ਪ੍ਰਧਾਨ ਮੰਤਰੀ ਵੱਲੋਂ ਫਿਟ ਇੰਡੀਆ ਦਾ ਨਾਅਰਾ ਦਿੱਤਾ ਗਿਆ ਹੈ ਜਿਸ ਨਾਲ ਹਰ ਨਾਗਰਿਕ ਨੂੰ ਆਪਣੀ ਸਿਹਤ ਤੰਦਰੁਸਤ ਰੱਖਣ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ ਹੈ ਅਤੇ ਜਲਿਆਂਵਾਲਾ ਬਾਗ ਵਿੱਚ ਆਮ ਨਾਗਰਿਕ ਸਵੇਰ ਅਤੇ ਸ਼ਾਮ ਦੀ ਸੈਰ ਕਰਕੇ ਆਪਣੀ ਸਿਹਤ ਨੂੰ ਤੰਦਰੁਸਤ ਰੱਖ ਸਕਦੇ ਹਨ। ਸ੍ਰੀ ਸੂਦਨ ਨੇ ਸਪਸ਼ਟ ਕੀਤਾ ਕਿ ਜਲਿਆਂਵਾਲੇ ਬਾਗ ਮਿਊਜੀਅਮ ਅਤੇ ਗੈਲਰੀ ਆਪਣੇ ਤਹਿਸ਼ੁਦਾ ਸਮੇਂ ਤੇ ਖੋਲੇ ਜਾਣਗੇ।

# ਪੁਰਾਣਾ ਸਿਵਲ ਹਸਪਤਾਲ ਚਾਲੂ ਕਰਵਾਉਣ ਲਈ ਰਜਿੰਦਰ ਕੁਮਾਰ ਨੇ ਸਾਥੀਆਂ ਸਮੇਤ ਦਿੱਤਾ ਰਮਨ ਬਹਿਲ ਨੂੰ ਮੰਗ ਪੱਤਰ



**ਗੁਰਦਾਸਪੁਰ/ਨਵਨੀਤ ਕੁਮਾਰ**

ਅੱਜ ਗੁਰਦਾਸਪੁਰ ਦੇ ਪੁਰਾਣਾ ਸਿਵਲ ਹਸਪਤਾਲ ਨੂੰ ਚਾਲੂ ਕਰਵਾਉਣ ਲਈ ਸਮਾਜ ਸੇਵਕ ਰਜਿੰਦਰ ਕੁਮਾਰ ਨੇ ਸਾਥੀਆਂ ਸਮੇਤ ਰਮਨ ਬਹਿਲ ਨੂੰ ਮੰਗ ਪੱਤਰ ਦਿੱਤਾ । ਉਨਾ ਮੰਗ ਪੱਤਰ ਦਿੰਦੇ ਹੋਏ ਦੱਸਿਆ ਕਿ ਪੁਰਾਣਾ ਸਿਵਲ ਹਸਪਤਾਲ ਨੂੰ ਸਹਿਰ ਚੋਂ ਸਿਫਟ ਕਰਕੇ ਬੱਬਰੀ ਵਿਖੇ ਨਵਾਂ ਬਣਾਇਆ ਗਿਆ ਹੈ ਉਸ ਹਸਪਤਾਲ ਤੱਕ ਪਹੁੰਚਣ ਲਈ ਸਹਿਰ ਵਾਸੀਆਂ ਨੂੰ ਕਈ ਤਰਾਂ ਦੀਆਂ ਮੁਸਕਲਾਂ ਦਾ ਸਾਹਮਣਾ ਕਰਨਾ ਪੈਦਾ ਹੈ । ਉੱਨਾਂ ਨੇ ਦੱਸਿਆ ਕਿ ਜੇਕਰ ਕੋਈ ਸਹਿਰ ਵਾਸੀ ਰਾਤ ਨੂੰ ਬਿਮਾਰ ਹੋ ਜਾਂਦਾ ਹੈ ਤਾਂ ਉਸ ਨੂੰ ਸਾਧਨ ਦੀ ਘਾਟ ਅਤੇ ਸਹਿਰ ਤੋਂ ਬਾਹਰ ਹੋਣ ਕਾਰਨ ਉੱਨਾਂ ਨੂੰ ਮਜਬੂਰੀ ਵੱਸ ਪ੍ਰਾਈਵੇਟ ਹਸਪਤਾਲਾਂ ਤੋਂ ਇਲਾਜ ਕਰਵਾਉਣਾ ਪੈਦਾ ਹੈ ਕਈ ਵਾਰ ਤਾਂ ਮਰੀਜ ਬੱਬਰੀ ਹਸਪਤਾਲ ਜਾਂਦੇ ਸਾਧਨਾ ਦੀ ਘਾਟ ਕਰਕੇ ਰਸਤੇ ਵਿੱਚ ਹੀ ਦਮ ਤੋੜ ਦਿੰਦੇ ਹਨ । ਉੱਨਾਂ ਨੇ ਮੰਗ ਪੱਤਰ ਦਿੰਦੇ ਹੋਏ ਸਰਕਾਰ ਤੋਂ ਮੰਗ ਕੀਤੀ ਕਿ ਪੁਰਾਣਾ ਹਸਪਤਾਲ ਸਹਿਰ ਚ ਚਾਲੂ ਹੋਣ ਕਰਕੇ ਸਹਿਰ ਵਾਸੀਆਂ ਨੂੰ ਇਲਾਜ ਵਾਸਤੇ ਪ੍ਰਾਈਵੇਟ ਹਸਪਤਾਲਾਂ ਚ ਧੱਕੇ ਨਹੀਂ ਖਾਣੇ ਪੈਣਗੇ । ਉੱਨਾਂ ਨੇ ਦੱਸਿਆ ਕਿ ਸਿਵਲ ਹਸਪਤਾਲ ਦੀ ਬਿਲਡਿੰਗ ਨਵੀਂ ਹੋਣ ਕਰਕੇ ਇੱਥੇ 50 ਬਿਸਤਰਿਆਂ ਦਾ ਹਸਪਤਾਲ ਚਾਲੂ ਕਰਕੇ ਸਹਿਰ ਵਾਸੀਆਂ ਨੂੰ ਸਹੂਲਤ ਦਿੱਤੀ ਜਾਵੇ ਅਤੇ ਐਮਰਜੈਸੀ ਸੇਵਾਵਾਂ ਵੀ ਜਲਦ ਤੋਂ ਜਲਦ ਸੁਰੂ ਕੀਤੀਆਂ ਜਾਣ । ਇਸ ਮੋਕੇ ਸਮਾਜ ਸੇਵਕ ਰਜਿੰਦਰ ਕੁਮਾਰ , ਬਾਬਾ ਗੁਰਦੀਪ ਸਿੰਘ , ਲੂਗੀ ਸਰਮਾ , ਪ੍ਰਿੰਸ ਅਤੇ ਵਿਕਾਸ ਮਹਾਜਨ ਆਦਿ ਮੋਜੂਦ ਸਨ ।

# ਸਿਹਤ ਵਿਭਾਗ ਵਲੋ ਰਿਸ਼ੀ ਨਗਰ 'ਚ ਅਣਅਧਿਕਾਰਿਤ ਸਕੈਨ ਸੈਂਟਰ 'ਤੇ ਮਾਰਿਆ ਛਾਪਾ



## ਪੋਰਟੇਬਲ ਅਲਟਰਾਸਾਊਡ ਮਸ਼ੀਨ ਸਮੇਤ ਇੱਕ ਔਰਤ ਕਾਬੂ

**ਲੁਧਿਆਣਾ/ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ ਭਾਂਬਰੀ**

ਸਿਹਤ ਵਿਭਾਗ ਲੁਧਿਆਣਾ ਵਲੋ ਸਿਵਲ ਸਰਜਨ ਡਾ ਐਸ ਪੀ ਸਿੰਘ ਦੇ ਦਿਸਾ ਨਿਰਦੇਸ਼ਾਂ ਤੇ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਗਠਿਤ ਕੀਤੀ ਗਈ ਟੀਮ ਵਲੋ ਰਿਸ਼ੀ ਨਗਰ ਲੁਧਿਆਣਾ ਵਿਚ ਅਣਅਧਿਕਾਰਤ ਤੌਰ 'ਤੇ ਚੱਲ ਰਹੇ ਸਕੈਨ ਸੈਂਟਰ 'ਤੇ ਛਾਪਾ ਮਾਰ ਕੇ ਪੋਰਟੇਬਲ ਅਲਟਰਾਸਾਊਡ ਮਸ਼ੀਨ ਸਮੇਤ ਔਰਤ ਨੂੰ ਕਾਬੂ ਕੀਤਾ ਗਿਆ।

ਇਸ ਸਬੰਧੀ ਸਿਵਲ ਸਰਜਨ ਡਾ ਐਸ.ਪੀ. ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਨੂੰ ਗੁਪਤ ਸੂਚਨਾ ਮਿਲੀ ਸੀ ਜਿਸਦੇ ਤਹਿਤ ਇਸ ਸਬੰਧੀ ਕਈ ਦਿਨਾਂ ਤੋ ਰੇਕੀ ਕੀਤੀ ਜਾ ਰਹੀ ਸੀ। ਅੱਜ ਜਦੋਂ ਇਸ ਔਰਤ ਵਲੋ ਅਣਅਧਿਕਾਰਤ ਚਲਾਏ ਜਾ ਰਹੇ ਅਲਟਰਾਸਾਊਡ ਤੇ ਸਿਹਤ ਵਿਭਾਗ ਦੀ ਗਠਿਤ ਟੀਮ ਵਲੋ ਛਾਪਾ ਮਾਰਿਆ ਗਿਆ ਤਾਂ ਉਨਾ ਪਾਸੋ ਪੋਰਟੇਬਲ ਅਲਟਰਾਸਾਊਡ ਮਸ਼ੀਨ ਬਰਾਮਦ ਕੀਤੀ ਗਈ।ਇਸ ਮੌਕੇ ਪੁਲਿਸ ਨੂੰ ਬੁਲਾ ਕੇ ਪੋਰਟੇਬਲ ਅਲਟਰਾਸਾਊਡ ਮਸ਼ੀਨ ਸਮੇਤ ਔਰਤ ਨੂੰ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ।ਅਗਲੇਰੀ ਕਾਰਵਾਈ ਪੀ ਏ ਯੂ ਪੁਲਿਸ ਵਲੋ ਕੀਤੀ ਜਾਵੇਗੀ। ਸਿਵਲ ਸਰਜਨ ਨੇ ਅੱਗੇ ਦੱਸਿਆ ਕਿ ਜ਼ਿਲ੍ਹੇ ਭਰ ਵਿੱਚ ਚੱਲ ਰਹੇ ਸਕੈਨ ਸੈਟਰਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਜੇਕਰ ਕੋਈ ਵੀ ਸਕੈਨ ਸੈਟਰ ਮਾਲਕ ਸਿਹਤ ਵਿਭਾਗ ਦੀਆਂ ਹਦਾਇਤਾਂ ਦੀ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਸ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਵਿਧਾਇਕਾਂ ਡਾ. ਅਮਨਦੀਪ ਕੌਰ ਅਰੋੜਾ ਨੇ ਪਿੰਡ ਸਲੀਣਾ ਵਿੱਚ ਛੱਪੜ ਤੇ ਹੋ ਰਹੇ ਨਜਾਇਜ ਕਬਜੇ ਨੂੰ ਰੋਕਿਆ



ਮੋਗਾ/ਦਵਿੰਦਰ ਸਿੰਘ ਬਿੱਟੂ

ਅੱਜ ਆਮ ਆਦਮੀ ਪਾਰਟੀ ਦੀ ਮੋਗਾ ਤੋਂ ਵਿਧਾਇਕਾਂ ਡਾ. ਅਮਨਦੀਪ ਕੌਰ ਅਰੋੜਾ ਨੂੰ ਸੂਚਨਾ ਮਿਲੀ ਕਿ ਪਿੰਡ ਸਲੀਣਾ ਵਿੱਖੇ ਪੰਚਾਇਤੀ ਛੱਪੜ ਨੂੰ ਨਾਲ ਲਗਦੇ ਖੇਤ ਵਾਲਿਆਂ ਵੱਲੋਂ ਮਿੱਟੀ ਨਾਲ ਭਰਿਆ ਜਾ ਰਿਹਾ ਹੈ ਅਤੇ ਕਬਜਾ ਕੀਤਾ ਜਾ ਰਿਹਾ ਹੈ। ਉਹਨਾਂ ਪਿੰਡ ਸਲ਼ੀਣਾ ਵਿਖੇ ਪਹੁੰਚ ਪੰਚਾਇਤੀ ਛੱਪੜ ਤੇ ਜੋ ਨਾਜਾਇਜ ਕਬਜ਼ੇ ਕੀਤੇ ਜਾ ਰਹੇ ਹਨ ਉਹਨਾਂ ਨੂੰ ਰੋਕਿਆ ਉਹਨਾਂ ਦਸਿਆ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਪਾਣੀ ਦੇ ਸਤਰ ਨੂੰ ਉੱਚਾ ਚੁੱਕਣ ਲਈ ਵਾਟਰ ਹਾਰਵੇਸਟਿੰਗ ਬਾਰੇ ਵਿਚਾਰ ਕਰਕੇ ਉਪਰਾਲਾ ਕੀਤਾ ਜਾ ਰਿਹਾ ਹੈ ਉਥੇ ਹੀ ਕੁਦਰਤੀ ਸਰੋਤ (ਛੱਪੜ ) ਨੂੰ ਮਿੱਟੀ ਨਾਲ ਭਰ ਕੇ ਕਬਜਾ ਕੀਤਾ ਜਾ ਰਿਹਾ ਹੈ ।ਉਹਨਾਂ ਨੇ ਮੌਕੇ ਤੇ ਪਹੁੰਚਕੇ ਛੱਪੜ ਦਾ ਦੌਰਾ ਕੀਤਾ ਨਾਲ ਹੀ ਜਿਨ੍ਹਾਂ ਨੇ ਨਾਜਾਇਜ ਕਬਜੇ ਕੀਤੇ ਹੋਏ ਸਨ ਉਨ੍ਹਾਂ ਨੂੰ ਸਖਤ ਹਦਾਇਤ ਦਿੰਦੇ ਹੋਏ ,ਅਪੀਲ ਕੀਤੀ ਗਈ ਹੈ ਕਿ 31 ਮਈ ਤੱਕ ਕਬਜ਼ੇ ਛੱਡ ਦਿੱਤੇ ਜਾਣ ਨਹੀਂ ਤਾਂ 31 ਮਈ ਤੋਂ ਬਾਅਦ ਸਰਕਾਰ ਵੱਲੋਂ ਬਣਦੀ ਕਾਰਵਾਈ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਪਹਿਲੀਆਂ ਸਰਕਾਰਾਂ ਵਲੋਂ ਨਾਜਾਇਜ਼ ਕਬਜਿਆਂ ਵਿਰੁੱਧ ਕੋਈ ਵੀ ਸਾਰਥਕ ਕਦਮ ਨਹੀਂ ਚੁੱਕੇ ਗਏ ਭਾਵੇਂ ਉਹ ਕਾਂਗਰਸ ਜਾਂ ਅਕਾਲੀ ਦਲ ਦੀਆਂ ਸਰਕਾਰਾਂ ਹੋਣ। ਉਨ੍ਹਾਂ ਕਿਹਾ ਕਿ ਅਜਿਹੇ ਕੰਮਾਂ ਲਈ ਤੁਹਾਡੀ ' ਸਿਆਸੀ ਇੱਛਾ' ਹੋਣੀ ਚਾਹੀਦੀ ਹੈ ਤਾਂ ਹੀ ਲੋਕ ਹਿੱਤ ਵਿੱਚ ਨਾਜਾਇਜ਼ ਕਬਜ਼ੇ ਹਟਾਏ ਜਾ ਸਕਦੇ ਹਨ ।ਕਬਜ਼ਿਆਂ ਤੋਂ ਮੁਕਤ ਕਰਵਾਈਆਂ ਜਾ ਰਹੀਆਂ ਪੰਚਾਇਤੀ ਜ਼ਮੀਨਾਂ ਤੇ ਖੇਤੀਬਾੜੀ ਵਾਲੀਆਂ ਜ਼ਮੀਨਾਂ ਨੂੰ ਨਿਯਮਾਂ ਅਨੁਸਾਰ ਮੁੜ ਵਾਹੀ ਲਈ ਦਿੱਤਾ ਜਾਵੇਗਾ ਜਦਕਿ ਵਪਾਰਕ ਜ਼ਮੀਨਾਂ ਨੂੰ ਵਪਾਰਕ ਵਰਤੋਂ ਦੇ ਨਾਲ-ਨਾਲ ਮਾਰਕਿਟ ਆਦਿ ਬਣਾ ਕੇ ਸਰਕਾਰ ਦੀ ਆਮਦਨੀ ਵਿੱਚ ਵਾਧਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜਿਹੜੀਆਂ ਜ਼ਮੀਨਾਂ ਵੇਚੀਆਂ ਜਾ ਸਕਦੀਆਂ ਹੋਣਗੀਆਂ ਉਨ੍ਹਾਂ ਨੂੰ ਵੇਚ ਕੇ ਸਰਕਾਰੀ ਖ਼ਜਾਨੇ ਨੂੰ ਮਜ਼ਬੂਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸੀ. ਐਮ. ਭਗਵੰਤ ਮਾਨ ਦੀ ਅਗਵਾਈ ਵਿੱਚ ਮੰਤਰੀ ਕੁਲਦੀਪ ਧਾਲੀਵਾਲ ਵੱਲੋਂ ਮੋਹਾਲੀ ਤੋਂ ਸ਼ੁਰੂ ਹੋਈ ਇਸ ਮੁਹਿੰਮ ਤਹਿਤ ਪਟਿਆਲਾ, ਜਲੰਧਰ ਅਤੇ ਸੂਬੇ ਦੇ ਵੱਖ-ਵੱਖ ਹਿੱਸਿਆਂ ਵਿੱਚ ਪੰਚਾਇਤੀ ਜ਼ਮੀਨਾਂ ਕਬਜਿਆਂ ਤੋਂ ਮੁਕਤ ਕਰਵਾਈਆਂ ਗਈਆਂ ਹਨ ਅਤੇ ਬਾਕੀ ਜ਼ਮੀਨਾਂ ਤੋਂ ਕਬਜ਼ੇ ਛੁਡਵਾਉਣ ਦੀ ਮੁਹਿੰਮ ਆਉਂਦੇ ਦਿਨਾਂ ਵਿੱਚ ਹੋਰ ਜ਼ੋਰ ਫੜਨ ਜਾ ਰਹੀ ਹੈ। ਇਸ ਸਮੇ ਉਹਨਾਂ ਨਾਲ ਪ੍ਰਸ਼ਾਸਨ ਅਧਿਕਾਰੀ , ਆਪ ਵਲੰਟੀਅਰ ਅਤੇ ਪਿੰਡ ਵਾਸੀ ਮਜ਼ੂਦ ਸਨ।

## ਸਨੌਰ ਪੁਲਸ ਨੇ ਸੜਕ ਹਾਦਸੇ ਵਿੱਚ ਹੋਏ ਇੱਕ ਨੌਜਵਾਨ ਦੀ ਮੌਤ ਨੂੰ ਲੈ ਕੇ ਗੱਡੀ ਚਾਲਕ ਦੇ ਖਿਲਾਫ ਕੀਤਾ ਮਾਮਲਾ ਦਰਜ

ਪਟਿਆਲਾ/ਇਕਬਾਲ ਸਿੰਘ

ਨਿਰਵੈਰ ਸਿੰਘ ਦੀ ਸ਼ਿਕਾਇਤ ਵੱਲੋਂ ਗੱਡੀ ਚਾਲਕ ਦੇ ਖਿਲਾਫ ਮਾਮਲਾ ਦਰਜ ਕਰਵਾਇਆ ਗਿਆ। ਜਾਣਕਾਰੀ ਦੇ ਦੌਰਾਨ ਗੁਰਦੀਪ ਸਿੰਘ ਨੇ ਦੱਸਿਆ ਕਿ ਉਹ ਮੋਟਰ ਸਾਈਕਲ ਤੇ ਆਪਣੀ ਮਾਸੀ ਦੇ ਨਾਲ ਜਾ ਰਿਹਾ ਸੀ। ਤੇਜ ਡੀਪਰ ਗੱਡੀ ਨੰਬਰ 0705375 ਨੇ ਲਿਆ ਕੇ ਮੋਟਰਸਾਈਕਲ ਦੇ ਵਿਚ ਟੱਕਰ ਮਾਰੀ ਅਤੇ ਐਨ ਮੌਕੇ ਤੇ ਉਸ ਦੀ ਮਾਸੀ ਦੀ ਮੋਟਰਸਾਇਕਲ ਤੋ ਗਿਰਨ ਕਾਰਨ ਮੌਤ ਹੋ ਗਈ। ਪੁਲੀਸ ਵੱਲੋਂ ਅਗੇਆਤ ਗੱਡੀ ਚਾਲਕ ਉਤੇ ਮਾਮਲਾ ਦਰਜ ਕਰ ਕੇ ਉਸ ਦੀ ਕਾਰਵਾਈ ਸੁਰੂ ਕਰ ਦਿੱਤੀ ਗਈ ਹੈ।

## ਸਮਾਣਾ ਵਿਚ ਟੈਂਪੂ ਚਾਲਕਾਂ ਨੇ ਕੀਤਾ ਪੰਜਾਬ ਸਰਕਾਰ ਦੇ ਖਿਲਾਫ ਰੋਸ ਪ੍ਰਦਰਸਨ

ਪਟਿਆਲਾ/ਇਕਬਾਲ ਸਿੰਘ

ਸਮਾਂਣਾ ਵਿੱਚ ਟੈਂਪੂ ਚਾਲਕਾਂ ਨੇ ਕੀਤਾ ਪੰਜਾਬ ਸਰਕਾਰ ਦੇ ਖ਼ਿਲਾਫ ਰੋਸ ਪ੍ਰਦਰਸਨ। ਪੰਜਾਬ ਸਰਕਾਰ ਦੁਆਰਾ ਜੁਗਾੜ ਰੇਡੀਆ ਨੂੰ ਬੰਦ ਨਾ ਕਰਨ ਦੇ ਫੈਸਲੇ ਤੋਂ ਬਾਅਦ ਟੈਂਪੂ ਚਾਲਕਾਂ ਵਿੱਚ ਗੁੱਸਾ ਦੇਖਿਆ ਜਾ ਸਕਦਾ ਹੈ। ਜਿਸ ਕਰਕੇ ਸਾਮਾਨ ਵਿਚ ਟੈਂਪੂ ਚਾਲਕਾਂ ਨੇ ਪੰਜਾਬ ਸਰਕਾਰ ਦੁਆਰਾ ਜੰਮ ਕੇ ਰੋਸ ਪ੍ਰਦਰਸਨ ਕੀਤਾ ਰੋਸ ਪ੍ਰਦਰਸਨ ਦੌਰਾਨ ਉਨ੍ਹਾਂ ਨੇ ਕਿਹਾ ਕਿ ਜੁਗਾੜੂ ਰੇਹੜੀਆਂ ਬੰਦ ਨਾ ਕਰਨ ਕਰਕੇ ਸਾਡੇ ਕਾਰੋਬਾਰ ਠੱਪ ਹੋ ਗਏ ਹਨ। ਜਿਸ ਕਰਕੇ ਸਾਨੂੰ ਮੁਸਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਦੌਰਾਨ ਟੈਂਪੂਆਂ ਲੋਕਾਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇ ਸਾਡੀਆਂ ਮੰਗਾਂ ਨੂੰ ਪੂਰਾ ਨਾ ਕੀਤਾ ਗਿਆ ਤਾਂ ਸਾਡਾ ਇਹ ਰੋਸ ਪ੍ਰਦਰਸਨ ਹੋਰ ਵੀ ਤਿੱਖਾ ਕੀਤਾ ਜਾਵੇਗਾ।

# ਕਮਿਸਨਰੇਟ ਪੁਲਿਸ ਅੰਮ੍ਰਿਤਸਰ ਦੇ ਟਰੈਫਿਕ ਵਿੰਗ ਵੱਲੋ ਸੜਕ ਸੁਰੱਖਿਅ ਨਿਯਮਾਂ ਅਤੇ ਸੇਫ ਸਕੂਲ ਵਾਹਨ ਪਾਲਿਸੀ ਪ੍ਰਤੀ ਕੀਤਾ ਜਾਗਰੂਕਤਾ

ਅੰਮ੍ਰਿਤਸਰ/ਰਾਜਾ ਕੋਟਲੀ

ਸ੍ਰੀ ਅਰੁਨ ਪਾਲ ਸਿੰਘ ਆਈ.ਪੀ.ਐਸ, ਕਮਿਸਨਰ ਪੁਲਿਸ ਅੰਮ੍ਰਿਤਸਰ ਦੀਅ ਹਦਾਇਤਾਂ ਅਨੁਸਾਰ ਸ੍ਰੀ ਹਰਵਿੰਦਰ ਸਿੰਘ ਪੀ.ਪੀ.ਐਸ, ਏ.ਡੀ.ਸੀ.ਪੀ ਟਰੈਫਿਕ ਅਤੇ ਸ੍ਰੀ ਇਕਬਾਲ ਸਿੰਘ ਪੀਪੀਐਸ, ਏਸੀਪੀ ਟਰੈਫਿਕ ਜੀ ਦੇ ਦਿਸਾ ਨਿਰਦੇਸਾਂ ਅਨੁਸਾਰ ਕਮਿਸਨਰੇਟ ਪੁਲਿਸ ਅੰਮ੍ਰਿਤਸਰ ਦੇ ਟਰੈਫਿਕ ਵਿੰਗ ਵੱਲੋ ਸੜਕ ਸੁਰੱਖਿਅ ਨਿਯਮਾਂ ਅਤੇ ਸੇਫ ਸਕੂਲ ਵਾਹਨ ਪਾਲਿਸੀ ਪ੍ਰਤੀ ਜਾਗਰੂਕਤਾ ਲਈ ਸ੍ਰੀ ਹਰਕ੍ਰਿਸਨ ਪਬਲਿਕ ਸਕੂਲ, ਚੀਫ ਖਾਲਸਾ ਦੀਵਾਨ, ਜੀ.ਟੀ ਰੋਡ, ਅੰਮ੍ਰਿਤਸਰ ਦੇ ਹਾਲ ਵਿੱਚ ਸਕੂਲੀ ਵੈਨ ਡਰਾਇਵਰਾਂ ਨਾਲ ਇੱਕ ਸੈਮੀਨਾਰ ਕੀਤਾ ਗਿਆ।ਇਸ ਸੈਮੀਨਾਰ ਵਿੱਚ ਇੰਸਪੈਕਟਰ ਅਨੂਪ ਕੁਮਾਰ, ਇੰਚਾਰਜ ਟਰੈਫਿਕ ਤੇ ਉਹਨਾਂ ਦੀ ਟੀਮ ਦੇ ਮੈਂਬਰ ਏ.ਐਸ.ਆਈ ਅਰਵਿੰਦਰਪਾਲ ਸਿੰਘ ਅਤੇ ਮੁੱਖ ਸਿਪਾਹੀ ਸੁਲਵੰਤ ਸਿੰਘ ਟਰੈਫਿਕ ਐਜੂਕੇਸਨ ਸੈਲ ਤੋਂ ਏ.ਐਸ.ਆਈ ਕੁਲਦੀਪ ਸਿੰਘ, ਸਿਪਾਹੀ ਅਰਸਦੀਪ ਸਿੰਘ, ਪੀ.ਐਚ.ਜੀ. ਜਸਵੰਤ ਸਿੰਘ ਨੇ ਸਿਰਕਤ ਕੀਤੀ। ਇੰਸਪੈਕਟਰ ਅਨੂਪ ਕੁਮਾਰ ਨੇ ਸਕੂਲੀ ਡਰਾਇਵਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਕੂਲੀ ਬੱਚਿਆਂ ਨੂੰ ਪਿੰਕ ਐਂਡ ਡਰੋਪ ਕਰਨ ਲੱਗਿਆ ਸਕੂਲੀ ਵਾਹਨਾਂ ਨੂੰ ਸੜਕ



ਕਿਨਾਰੇ ਨਾਂ ਪਾਰਕ ਕੀਤਾ ਜਾਵੇ ਅਤੇ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਸਾਰੀਆਂ ਸਰਤਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ, ਜਿਵੇਂ ਕਿ ਡਰਾਇਵਰ ਪ੍ਰੋਪਰ ਯੂਨੀਫਾਰਮ ਸਮੇਤ ਨੇਮ ਪਲੇਟ ਲੱਗੀ ਹੋਣੀ ਚਾਹੀਦੀ ਹੈ, ਡਰਾਇਵਰ ਕੋਲ 05 ਸਾਲ ਦਾ ਡਰਾਇੰਵਿੰਗ ਤਜੁਰਬਾ ਹੋਣਾ ਚਾਹੀਦਾ ਹੈ, ਸਕੂਲੀ ਬੱਸ ਵਿੱਚ ਸੀ. ਸੀ.ਟੀ.ਵੀ ਅਤੇ ਜੀ.ਪੀ.ਆਰ.ਐਸ ਸਿਸਟਮ ਲੱਗਾ ਹੋਣਾ ਚਾਹੀਦਾ ਹੈ, ਵਾਹਨ ਵਿੱਚ ਅੱਗ ਬੁਝਾਊ ਯੰਤਰ ਹੋਣਾ ਚਾਹੀਦਾ ਹੈ, ਸਕੂਲ ਵਾਹਨ ਦੀਆਂ ਖਿੜਕੀਆਂ ਪਰ ਗਲ ਲੱਗੀ ਹੋਣੀ ਚਾਹੀਦੀ ਹੈ, ਵਾਹਨ ਵਿੱਚ ਡਰਾਇਵਰ ਇਲਾਵਾ ਇੱਕ ਕੰਡਕਟਰ ਅਤੇ ਮਹਿਲਾ ਵਿਦਿਆਰਥੀ ਹੋਣ ਦੀ ਸੂਰਤ ਵਿੱਚ ਇੱਕ ਮਹਿਲਾ ਅਟੈਂਡੈਂਡ ਦਾ ਹੋਣਾ ਲਾਜਮੀ ਹੈ। ਇਸ ਤੋ ਇਲਾਵਾ ਸ੍ਰੀ ਸੁਰਿੰਦਰਪਾਲ ਸਿੰਘ, ਟਰੈਫਿਕ ਮਾਰਸਲ ਨੇ ਵੀ ਆਪਣੇ ਵਿਚਾਰ ਰੱਖੇ ਅਤੇ ਬਿਹਤਰ ਡਰਾਇਵਿੰਗ ਲਈ ਸੇਫਟੀ ਟਿੱਪਸ ਸਾਂਝੇ ਕੀਤੇ ਅਤੇ ਡਰਾਇਵਰ ਨੂੰ ਲੇਨ ਡਰਾਇਵਿੰਗ ਲਈ ਪ੍ਰੇਰਿਤ ਕੀਤਾ। ਇਸ ਮੌਕਾ ਪਰ ਮੌਜੂਦ ਏਐਸਆਈ ਅਰਵਿੰਦਰਪਾਲ ਸਿੰਘ ਇੰਚਾਰਜ ਟਰੈਫਿਕ ਐਜੂਕੇਸਨ ਸੈਲ ਵੱਲੋ ਨੂੰ ਹਾਜਰੀਨ ਨੂੰ ਆਪਣੇ ਵਹੀਕਲ ਦੇ ਸਾਰੇ ਜਰੂਰ ਕਾਗਜਾਤ ਜਿਵੇ ਆਰ.ਸੀ., ਪ੍ਰਦੂਸਣ ਸਰਟੀਫਿਕੇਟ, ਇੰਸੋਰਸ ਸਰਟੀਫਿਕੇਟ ਅਤੇ ਆਪਣਾ ਡਰਾਇਵਿੰਗ ਲਾਇਸੰਸ ਹਮੇਸਾ ਅੱਪਡੇਟ ਰੱਖਣ ਲਈ ਕਿਹਾ ਅਤੇ ਸਮਝਾਇਆ ਕਿ ਕਿਸੇ ਵੀ ਕਿਸਮ ਦੇ ਵਹੀਕਟ ਨੂੰ ਚਲਾਉਣ ਸਮੇਂ ਕਦੇ ਵੀ ਮੋਬਾਇਲ ਫੋਨ ਦੀ ਵਰਤੋ ਨਾਂ ਕੀਤੀ ਜਾਵੇ ਕਿਉਂਕਿ ਅਜਿਹਾ ਕਰ ਨਾਲ ਧਿਆਨ ਟਰੈਫਿਕ ਤੋ ਹੱਟਦਾ ਹੈ ਅਤੇ ਹਾਦਸਾ ਹੋਣ ਦਾ ਖਤਰਾ ਬਣ ਜਾਂਦਾ ਹੈ। ਇਸਤੋਂ ਇਲਾਵਾ ਸਕੂਲੀ ਵੈਨ ਡਰਾਇਵਰਾਂ ਨੂੰ ਅਨੁਸਾਸਨ ਵਿੱਚ ਰਹਿ ਕੇ ਜਿੰਦਗੀ ਬਤੀਤ ਕਰਨ ਲਈ ਪ੍ਰੇਰਿਤ ਕੀਤਾ। ਸੈਮੀਨਾਰ ਦੀ ਸਮਾਪਤੀ ਮੌਕੇ ਕਾਲਜ ਦੇ ਪ੍ਰਿੰਸ੍ਰੀਪਲ ਸ੍ਰ ਧਰਮ ਸਿੰਘ ਜੀ ਨੇ ਆਏ ਹੋਏ ਪਤਵੰਤਿਆਂ ਦਾ ਧੰਨਵਾਦ ਕੀਤਾ। ਇਸ ਦੌਰਾਨ ਕ੍ਰੀਬ 40 ਸਕੂਲੀ ਬੱਸ ਡਰਾਇਵਰਾਂ ਨੇ ਸੈਮੀਨਾਰ ਅਟੈਂਡ ਕੀਤਾ ਅਤੇ ਪ੍ਰਣ ਕੀਤਾ ਕਿ ਉਹ ਟਰੈਫਿਕ ਨਿਯਮਾਂ ਦੀ ਪਾਲਣ ਕਰਨਗੇ ਅਤੇ ਇੱਕ ਜਿੰਮੇਵਾਰ ਨਾਗਰਿਕ ਹੋਣ ਦਾ ਫਰਜ ਨਿਭਾਉਣਗੇ।

# ਅਮਿੱਟ ਯਾਦਾਂ ਛੱਡ ਗਈ ਸਮਰਾਲਾ ਵਿਖੇ ਡਾ. ਮਨਮੋਹਨ ਆਈ. ਪੀ. ਐਸ. ਦੇ ਨਾਵਲ ਤੇ ਕਰਵਾਈ ਸਾਹਿਤਕ ਗੋਸ਼ਟੀ

## ਡਾ. ਮਨਮੋਹਨ ਦਾ ਨਾਵਲ ਮਨੁੱਖ ਦੇ ਮਨ ਅੰਦਰਲੀ ਪ੍ਰਕਿਰਤੀ ਦਾ ਵਰਨਣ ਕਰਦਾ ਦਾਰਸ਼ਨਿਕ ਨਾਵਲ ਹੈ- ਡਾ. ਸੁਰਜੀਤ ਪਾਤਰ

**ਸਮਰਾਲਾ/ਭੂਸ਼ਨ ਬੰਸਲ ਸੁਨੀਲ ਅਗਰਵਾਲ**

ਪੰਜਾਬੀ ਸਾਹਿਤ ਸਭਾ (ਰਜਿ:) ਸਮਰਾਲਾ ਵੱਲੋਂ ਸਭਾ ਦੇ ਪ੍ਰਧਾਨ ਐਡਵੋਕੇਟ ਨਰਿੰਦਰ ਸ਼ਰਮਾ ਦੀ ਅਗਵਾਈ ਹੇਠ ਸਥਾਨਕ ਹੈਵਨ ਵਿਲਾ ਵਿਖੇ ਡਾ. ਮਨਮੋਹਨ (ਆਈ. ਪੀ. ਐਸ.) ਦੇ ਨਾਵਲ 'ਸਹਜ ਗੁਫਾ ਮਹਿ ਆਸਣੁ' ਤੇ ਸਾਹਿਤਕ ਗੋਸ਼ਟੀ ਕਰਵਾਈ ਗਈ। ਗੋਸ਼ਟੀ ਦੀ ਪ੍ਰਧਾਨਗੀ ਪਦਮਸ੍ਰੀ ਡਾ. ਸੁਰਜੀਤ ਪਾਤਰ ਚੇਅਰਮੈਨ ਪੰਜਾਬ ਕਲਾ ਪ੍ਰੀਸ਼ਦ ਅਤੇ ਡਾ. ਲਖਵਿੰਦਰ ਸਿੰਘ ਜੌਹਲ ਪ੍ਰਧਾਨ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਵੱਲੋਂ ਕੀਤੀ ਗਈ। ਗੁਰਭਜਨ ਗਿੱਲ ਚੇਅਰਮੈਨ ਲੋਕ ਵਿਰਾਸਤ ਅਕਾਦਮੀ ਨੇ ਬਤੌਰ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਵਜੋਂ ਡਾ. ਗੁਰਇਕਬਾਲ ਸਿੰਘ ਜ: ਸਕੱਤਰ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਨੇ ਸ਼ਿਰਕਤ ਕੀਤੀ। ਡਾ. ਮਨਮੋਹਨ ਨਾਲ ਜਾਣ ਪਹਿਚਾਣ ਜਗਦੀਪ ਸਿੱਧੂ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਕਰਵਾਈ। ਮੁੱਖ ਬੁਲਾਰਿਆਂ ਅਮਰਜੀਤ ਸਿੰਘ ਗਰੇਵਾਲ, ਡਾ. ਯੋਗਰਾਜ, ਕਹਾਣੀਕਾਰ ਬਲਵਿੰਦਰ ਸਿੰਘ ਗਰੇਵਾਲ, ਦੇਸਰਾਜ ਕਾਲੀ ਅਤੇ ਡਾ. ਤੇਜਿੰਦਰ ਨੇ ਡਾ. ਮਨਮੋਹਨ ਦੇ ਦਾਰਸ਼ਨਿਕ ਪ੍ਰਵਿਰਤੀ ਦੇ ਨਾਵਲ ਦਾ ਸੰਖੇਪ ਰੂਪ ਵਿੱਚ ਸਾਰ ਆਪਣੀਆਂ ਟਿੱਪਣੀਆਂ ਸਹਿਤ ਸੁਣਾਂਇਆ ਅਤੇ ਕਹਾਣੀ ਦੀ ਦੰਤ ਕਥਾ ਬਾਰੇ ਜਾਣਕਾਰੀ ਸਾਂਝੀ ਕੀਤੀ। ਸਾਮਵੇਦ ਦੇ ਹਵਾਲੇ ਨਾਲ ਵਿਸ਼ੇਸ਼ ਵਿਸ਼ੇਸ਼ ਅਧਿਐਨ ਪੇਸ਼ ਕਰਦਿਆਂ ਨਾਵਲ ਦੇ ਵਿਵੇਕ ਅਤੇ ਵੈਰਾਗ ਪੱਖ ਨੂੰ ਉਜਾਗਰ ਕੀਤਾ।




ਗੁਰਭਜਨ ਗਿੱਲ ਨੇ ਕਿਹਾ ਕਿ ਇੱਕ ਚੰਗੇ ਨਾਵਲ ਤੇ ਚੰਗੇ ਢੰਗ ਨਾਲ ਚਰਚਾ ਹੋਈ ਹੈ, ਉਨ੍ਹਾਂ 'ਇਸ ਚਰਚਾ ਇੱਕ ਪੁਸਤਕ ਦੇ ਰੂਪ ਵਿੱਚ ਸਾਂਭਣ ਦਾ ਸੁਝਾਅ ਦਿੱਤਾ, ਜਿਸ ਨੂੰ ਮੌਕੇ ਤੇ ਪ੍ਰਵਾਨ ਕਰਕੇ, ਜਲਦੀ ਹੀ ਅਮਲੀ ਰੂਪ ਦੇਣ ਸਬੰਧੀ ਸਵਰਨਜੀਤ ਸਵੀ ਦੀ ਜਿੰਮੇਵਾਰੀ ਲਾਈ ਗਈ। ਡਾ. ਮਨਮੋਹਨ ਆਈ. ਪੀ. ਸੀ. ਨੇ ਆਪਣੇ ਨਾਵਲ ਬਾਰੇ ਬੋਲਦਿਆਂ ਕਿਹਾ ਕਿ ਨਾਵਲ ਵਿਚਲਾ ਪ੍ਰਭਾਵ ਮੇਰੇ ਆਪਣੇ ਜੀਵੇ ਹੋਏ ਅਨੁਭਵ ਵਿੱਚੋਂ ਉਪਜਿਆ ਹੈ, ਜਿਸ ਵਿਚਲੇ ਅਨੁਭਵ ਅਤੇ ਕਲਪਨਾ ਨੂੰ ਪਾਠਕ ਆਪਣੇ ਤਰੀਕੇ ਨਾਲ ਦੇਖਦਾ ਹੈ। ਲਖਵਿੰਦਰ ਜੌਹਲ ਨੇ ਕਿਹਾ ਕਿ ਇਹ ਨਾਵਲ ਇੱਕ ਨਵੀਂ ਪਰੰਪਰਾ ਦਾ ਪੁਨਰ ਅਰੰਭ ਹੈ ਅਤੇ ਇਸ ਸਮਾਗਮ ਨੂੰ ਯਾਦਗਾਰੀ ਸਮਾਗਮ ਦਾ ਨਾਂ ਦਿੰਦੇ ਹੋਏ ਇਸਨੂੰ ਅੰਤਰ ਰਾਸ਼ਟਰੀ ਗੋਸ਼ਟੀ ਦਾ ਨਾਂ ਦਿੱਤਾ। ਪਦਮਸ੍ਰੀ ਡਾ. ਸੁਰਜੀਤ ਪਾਤਰ ਨੇ ਆਪਣੇ ਪ੍ਰਧਾਨਗੀ ਭਾਸ਼ਨ ਵਿੱਚ ਸਮੁੱਚੀ ਵਿਚਾਰ ਚਰਚਾ ਨੂੰ ਸਮੇਟਦਿਆਂ ਬਹੁਤ ਮੁਲਵਾਨ ਗੱਲਾਂ ਕੀਤੀਆਂ, ਉਨ੍ਹਾਂ ਕਿਹਾ ਕਿ ਇਹ ਨਾਵਲ ਮਨੁੱਖ ਦੇ ਮਨ ਅੰਦਰਲੀ ਪ੍ਰਕਿਰਤੀ ਦਾ ਵਰਨਣ ਕਰਦਾ ਦਾਰਸ਼ਨਿਕ ਨਾਵਲ ਹੈ। ਪੰਜਾਬੀ ਸਾਹਿਤ ਸਭਾ ਸਮਰਾਲਾ ਦੇ ਪ੍ਰਧਾਨ ਨਰਿੰਦਰ ਸ਼ਰਮਾ ਨੂੰ ਅਜਿਹਾ ਸਮਾਗਮ ਕਰਵਾਉਣ ਲਈ ਵਧਾਈ ਦਿੱਤੀ। ਕਹਾਣੀਕਾਰ ਸੁਖਜੀਤ ਨੇ ਮੰਚ ਸੰਚਾਲਨ ਕਰਦਿਆਂ ਸਮਾਗਮ ਵਿੱਚ ਰੌਚਿਕਤਾ ਵੀ ਬਣਾਈ ਰੱਖੀ, ਲੋੜੀਂਦੀਆਂ ਟਿੱਪਣੀਆਂ ਵੀ ਕਰਦੇ ਰਹੇ ਅਤੇ ਆਪਣੇ ਸ਼ਬਦਾਂ ਰਾਹੀਂ ਆਏ ਸਰੋਤਿਆਂ ਅਤੇ ਮਹਿਮਾਨਾਂ ਦਾ ਮਾਣ ਸਤਿਕਾਰ ਵੀ ਕਰਦੇ ਰਹੇ। ਸਾਹਿਤ ਸਭਾ ਸਮਰਾਲਾ ਜੋ ਐਡ: ਨਰਿੰਦਰ ਸ਼ਰਮਾ ਦੀ ਰਹਿਨੁਮਾਈ ਹੇਠ ਚੱਲ ਰਹੀ ਹੈ, ਦੀ ਸਮੁੱਚੀ ਟੀਮ ਨੂੰ ਵੀ ਸਮਾਗਮ ਦੀ ਵਧਾਈ ਦਿੱਤੀ।

ਇਸ ਮੌਕੇ ਗੁਰਚਰਨ ਸਿੰਘ ਭੰਗੂ ਦੁਆਰਾ ਲਿਖੀ ਪੁਸਤਕ 'ਜੁੱਤੀ ਕਸੂਰੀ ...' ਨੂੰ ਪ੍ਰਧਾਨਗੀ ਮੰਡਲ ਦੁਆਰਾ ਲੋਕ ਅਰਪਣ ਕੀਤਾ ਗਿਆ। ਇਸ ਪੁਸਤਕ ਸਬੰਧੀ ਕਹਾਣੀਕਾਰ ਬਲਵਿੰਦਰ ਗਰੇਵਾਲ ਨੇ ਕਿਹਾ ਕਿ ਇਹ ਪੁਸਤਕ ਹਰੇਕ ਸਰਕਾਰੀ ਕਰਮਚਾਰੀ ਨੂੰ ਜਰੂਰ ਪੜ੍ਹਨੀ ਚਾਹੀਦੀ ਹੈ।

ਰੋਜ਼ਾਨਾ ਲੋਕ ਬਾਣੀ

ਸਮਾਗਮ ਦੇ ਦੂਸਰੇ ਪੜਾਅ ਵਿੱਚ ਕਰਵਾਏ ਗਏ ਕਵੀ ਦਰਬਾਰ ਨੇ ਅਲੱਗ ਹੀ ਰੰਗ ਬੰਨ੍ਹ ਦਿੱਤਾ। ਜਿਸ ਵਿੱਚ ਅਮੰਤ੍ਰਿਤ ਕਵੀਆਂ ਜਿਨ੍ਹਾਂ ਵਿੱਚ ਸੁਰਜੀਤ ਜੀਤ, ਗੁਲ ਚੌਹਾਨ, ਮਨਜਿੰਦਰ ਧਨੋਆ, ਤ੍ਰੈਲੋਚਨ ਲੋਚੀ, ਪ੍ਰਭਜੋਤ ਸੋਹੀ, ਰਵਿੰਦਰ ਰਵੀ, ਰਬਿੰਦਰ ਸਿੰਘ ਰੱਬੀ, ਜਲੌਰ ਸਿੰਘ ਖੀਵਾ, ਡਾ. ਸੁਖਪਾਲ, ਯਤਿੰਦਰ ਮਾਹਲ, ਰਮਨਦੀਪ ਖਮਾਣੋਂ, ਅਮਰਜੀਤ ਕੌਰ, ਗੁਰਪ੍ਰੀਤ ਸਿੰਘ, ਦਵਿੰਦਰਜੀਤ ਸਿੰਘ, ਪ੍ਰੇਮ ਸਿੰਘ, ਸੁਰਜੀਤ ਸੁਮਨ ਨੇ ਆਪੋ ਆਪਣੇ ਕਲਾਮ ਸੁਣਾਏ। ਇਸ ਤੋਂ ਇਲਾਵਾ ਜਗਦੀਪ ਸਿੱਧੂ, ਡਾ. ਲਖਵਿੰਦਰ ਜੌਹਲ ਅਤੇ ਡਾ. ਸੁਰਜੀਤ ਪਾਤਰ ਨੇ ਆਪਣੀਆਂ ਸ਼ਾਨਦਾਰ ਰਚਨਾਵਾਂ ਨਾਲ ਸਰੋਤਿਆਂ ਨੂੰ ਮੰਤਰ ਮੁਗਧ ਕਰ ਦਿੱਤਾ। ਸਾਹਿਤਕ ਗੋਸ਼ਟੀ ਵਿੱਚ ਇਲਾਕੇ ਦੀਆਂ ਵੱਖ ਵੱਖ ਸਭਾਵਾਂ ਦੇ ਅਹੁਦੇਦਾਰਾਂ ਅਤੇ ਸਾਹਿਤਕ ਮੱਸ ਰੱਖਣ ਵਾਲਿਆਂ ਵਾਲਿਆਂ ਨੇ ਵੀ ਸ਼ਿਰਕਤ ਕੀਤੀ ਜਿਨ੍ਹਾਂ ਵਿੱਚ ਸੁਰਿੰਦਰ ਸਿੰਘ ਸੁੰਨੜ, ਐਡਵੋਕੇਟ ਨਰਿੰਦਰ ਸ਼ਰਮਾ, ਸੁਰਿੰਦਰ ਰਾਮਪੁਰੀ ਲਿਖਾਰੀ ਸਭਾ ਰਾਮਪੁਰ, ਜਗਦੀਸ਼ਪਾਲ ਸਿੰਘ ਗਰੇਵਾਲ, ਤੇਲੂ ਰਾਮ ਕੋਹਾੜਾ, ਸ਼੍ਰੋਮਣੀ ਬਾਲ ਪੁਰਸਕਾਰ ਵਿਜੇਤਾ ਕਮਲਜੀਤ ਨੀਲੋਂ, ਜੀਨੋ ਸਵਰਾਜ ਕ੍ਰਾਂਤੀ ਕਿਰਨ ਸਿੰਘ, ਮਾ. ਤਰਲੋਚਨ ਸਿੰਘ ਪ੍ਰਧਾਨ ਲੇਖਕ ਮੰਚ ਸਮਰਾਲਾ, ਸੁਰਜੀਤ ਵਿਸ਼ਦ ਜ: ਸਕੱਤਰ ਲੇਖਕ ਮੰਚ, ਕਹਾਣੀਕਾਰ ਮੁਖਤਿਆਰ ਸਿੰਘ, ਕਹਾਣੀਕਾਰ ਜਤਿੰਦਰ ਹਾਂਸ, ਸੁਰਿੰਦਰਪ੍ਰੀਤ ਕਾਉਂਕੇ, ਸਿਮਰਜੀਤ ਸਿੰਘ ਕੰਗ, ਜਗਦੀਸ਼ ਖੰਨਾ, ਰਾਜਵਿੰਦਰ ਸਮਰਾਲਾ ਅਕਸ ਰੰਗਮੰਚ, ਐਡਵੋਕੇਟ ਪਰਮਜੀਤ ਸਿੰਘ, ਐਡਵੋਕੇਟ ਪਰਮਿੰਦਰ ਸਿੰਘ ਗਿੱਲ, ਐਡਵੋਕੇਟ ਗਗਨਦੀਪ ਸ਼ਰਮਾ, ਗੁਰਭਗਤ ਸਿੰਘ ਗਿੱਲ ਆਦਿ ਤੋਂ ਇਲਾਵਾ ਹੋਰ ਸਾਹਿਤਕਾਰਾਂ ਨੇ ਸ਼ਿਰਕਤ ਕੀਤੀ।

# ਗਰੈਸਿਵ ਸੀਨੀਅਰ ਸਿਟੀਜਨ ਸੁਸਾਇਟੀ ਵੱਲੋਂ 27 ਵਾਂ ਰਾਸ਼ਨ ਵੰਡ ਸਮਾਰੋਹ ਆਯੋਜਿਤ



**ਬਰਨਾਲਾ/ਕਰਨਪ੍ਰੀਤ ਧੰਦਰਾਲ**

ਪ੍ਰੋਗਰੈਸਿਵ ਸੀਨੀਅਰ ਸਿਟੀਜਨ ਸੁਸਾਇਟੀ ਵੱਲੋਂ ਬੇਸਹਾਰਾ ਅਤੇ ਲਾਚਾਰ ਔਰਤਾਂ ਨੂੰ ਰਾਸ਼ਨ ਵੰਡਣ ਲਈ 27 ਵਾਂ ਰਾਸ਼ਨ ਵੰਡ ਸਮਾਰੋਹ ਮੁੱਖ ਸਰਪ੍ਰਸਤ ਪਿਆਰਾ ਲਾਲ ਰਾਏਸਰ ਵਾਲੇ ਅਤੇ ਚੇਅਰਪਰਸਨ ਨੀਰਜ ਬਾਲਾ ਦਾਨੀਆਂ ਦੀ ਅਗਵਾਈ ਚ ਆਯੋਜਤ ਕੀਤਾ ਗਿਆ। ਇਸ ਮੌਕੇ ਪਹੁੰਚੇ ਮੁੱਖ ਮਹਿਮਾਨ ਗੁਰਮੀਤ ਸਿੰਘ ਮੁੱਖ ਸੇਵਾਦਾਰ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਯੂਨਿਟ ਬਰਨਾਲਾ ਨੇ ਕਿਹਾ ਕਿ ਲਾਕ ਡਾਊਨ ਵੇਲੇ ਸ਼ੁਰੂ ਕੀਤਾ ਗਿਆ ਮਹੀਨਾਵਾਰ ਰਾਸ਼ਨ ਵੰਡਣ ਦਾ ਪ੍ਰੋਗਰਾਮ ਅੱਜ ਤਕ ਜਾਰੀ ਹੈ। ਉਨ੍ਹਾਂ ਪਿਛਲੇ 27 ਮਹੀਨਿਆਂ ਤੋਂ ਰਾਸ਼ਨ ਵੰਡਣ ਦੇ ਲੋਕ ਭਲਾਈ ਕਾਰਜ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਮੈਂ ਵੀ ਇਸ ਕੰਮ ਵਿੱਚ ਹਰ ਮਹੀਨੇ ਆਪਣਾ ਯੋਗਦਾਨ ਪਾਇਆ ਕਰਾਂਗਾ। ਉਨ੍ਹਾਂ ਲੋਕਾਂ ਨੂੰ ਇਸ ਤਰ੍ਹਾਂ ਦੇ ਕਲਿਆਣਕਾਰੀ ਕਾਰਜਾਂ ਨਾਲ ਜੁੜਨ ਦਾ ਸੱਦਾ ਦਿੱਤਾ। ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ ਵਿਜੇ ਚੌਧਰੀ ਨੇ ਕਿਹਾ ਕਿ ਇਸ ਪ੍ਰੋਗਰਾਮ ਚ ਸ਼ਾਮਲ ਹੋ ਕੇ ਬਹੁਤ ਖੁਸ਼ੀ ਮਿਲੀ ਹੈ ਪ੍ਰਧਾਨ ਸੁਖਵਿੰਦਰ ਸਿੰਘ ਭੰਡਾਰੀ ਨੇ ਜਾਣਕਾਰੀ ਦਿੱਤੀ ਕਿ ਬਿਨਾਂ ਕਿਸੇ ਸਰਕਾਰੀ ਸਹਾਇਤਾ ਤੋਂ ਰਾਸ਼ਨ ਵੰਡਣ ਦਾ ਕੰਮ ਲਗਾਤਾਰ ਕੀਤਾ ਜਾ ਰਿਹਾ ਹੈ ਸੁਸਾਇਟੀ ਦੇ ਮੈਂਬਰ ਆਪਣੇ ਕੋਲੋਂ ਪੈਸੇ ਇਕੱਠੇ ਕਰਕੇ ਰਾਸ਼ਨ ਵੰਡਦੇ ਹਨ। ਇਸ ਮੌਕੇ ਮਹਿਮਾਨਾਂ ਦਾ ਹਾਰ ਪਾ ਕੇ ਸਨਮਾਨ ਕੀਤਾ ਗਿਆ।

ਇਸ ਪ੍ਰੋਗਰਾਮ ਚ ਵਿਸੇਸ ਤੌਰ ਤੇ ਸ਼ਿਮਲਾ ਸਹਿਗਲ ਬਖ਼ਤਗੜ੍ਹ, ਰਾਜੇਸ਼ ਭੂਟਾਨੀ, ਹੇਮਰਾਜ ਵਰਮਾ, ਕੇਵਲ ਕ੍ਰਿਸ਼ਨ ਗਰਗ, ਮਹਿੰਦਰਪਾਲ, ਪੀ ਡੀ ਸ਼ਰਮਾ, ਕਿਰਨ ਦੇਵਾ , ਵਿਜੈ ਕੰਨਗੋ, ਮੁਕੇਸ਼ ਗਰਗ, ਲੀਲਾ ਰਾਮ , ਬਬੀਤਾ ਜਿੰਦਲ ,ਮਨਦੀਪ ਵਾਲੀਆ ,ਆਸ਼ਾ ਸ਼ਰਮਾ, ਸੋਮਾ ਭੰਡਾਰੀ, ਅਸ਼ਵਨੀ ਸ਼ਰਮਾ , ਸ਼ਿਮਲਾ ਸਹਿਗਲ, ਰਮੇਸ਼ ਕੌਸ਼ਲ , ਸਰੂਪ ਚੰਦ ਵਰਮਾ, ਲਖਵੀਰ ਸਿੰਘ ਬੰਟੀ ਆਦਿ ਮੈਂਬਰ ਹਾਜ਼ਰ ਸਨ।

# ਜੰਮੂ ਕਸ਼ਮੀਰ ਵਿੱਚ ਹੁਣ ਅਲਗਾਵਵਾਦ ਨਹੀਂ-ਰਾਸ਼ਟਰਵਾਦ ਚੱਲੇਗਾ : ਸ਼ਾਮ ਸੁੰਦਰ ਅੱਗਰਵਾਲ

**ਕਪੂਰਥਲਾ/ਪਰਮਜੀਤ ਸੰਨੀ**

ਅੱਤਵਾਦੀਆਂ ਦੀ ਟਾਰਗੇਟ ਕਿਲਿੰਗ ਤੇ ਕਸ਼ਮੀਰੀ ਹਿੰਦੂਆਂ ਦਾ ਹਿਤੈਸ਼ੀ ਹੋਣ ਦੀ ਕੋਸ਼ਿਸ਼ ਕਰ ਰਹੇ ਡਾ.ਫਾਰੂਕ ਅਬਦੁੱਲਾ ਅਤੇ ਮਹਿਬੂਬਾ ਮੁਫਤੀ ਨੇ ਹੁਣ ਅੱਤਵਾਦੀ ਹਿੰਸਾ ਦਾ ਦੋਸ਼ ਕਸ਼ਮੀਰ ਫਾਇਲਸ ਤੇ ਮੜ੍ਹ ਦਿੱਤਾ ਹੈ। ਉਹ ਹੁਣ ਕਹਿ ਰਹੇ ਹਨ ਕਿ ਇਸ ਫਿਲਮ ਨਾਲ ਨਫਰਤ ਫੈਲੀ ਹੈ।ਭਾਜਪਾ ਦੇ ਸਾਬਕਾ ਜਿਲ੍ਹਾ ਪ੍ਰਧਾਨ ਅਤੇ ਸੂਬਾ ਕਾਰਜਕਾਰਨੀ ਦੇ ਮੈਂਬਰ ਸ਼ਾਮ ਸੁੰਦਰ ਅੱਗਰਵਾਲ ਨੇ ਇਸਦਾ ਜਵਾਬ ਦਿੰਦੇ ਹੋਏ ਕਿਹਾ ਕਿ ਕਸ਼ਮੀਰ ਫਾਇਲਸ ਨੇ ਇਨ੍ਹਾਂ ਨੇਤਾਵਾਂ ਨੂੰ ਆਈਨਾ ਵਿਖਾਇਆ ਹੈ ਅਤੇ ਹੁਣ ਸੱਚ ਹਜਮ ਨਹੀਂ ਕਰ ਪਾ ਰਹੇ ਹਨ ਉਨ੍ਹਾਂਨੇ ਕਿਹਾ ਕਿ ਫਾਰੂਕ ਅਬਦੁੱਲਾ ਅਤੇ ਮਹਿਬੂਬਾ ਮੁਫਤੀ ਨੂੰ ਅੱਜ ਕਸ਼ਮੀਰ ਫਾਇਲਸ ਤੋਂ ਡਰ ਲੱਗ ਰਿਹਾ ਹੈ।1989-90 ਵਿੱਚ ਇਹ ਫਿਲਮ ਨਹੀਂ ਬਣੀ ਸੀ,ਤੱਦ ਕਸ਼ਮੀਰੀ ਹਿੰਦੂਆਂ ਦੇ ਖਿਲਾਫ ਕਸ਼ਮੀਰ ਵਿੱਚ ਨਫਰਤ ਦਾ ਮਾਹੌਲ ਕਿਵੇਂ ਬਣਿਆ ਸੀ।ਸੱਚ ਤਾਂ ਇਹ ਹੈ ਕਿ ਦਿ ਕਸ਼ਮੀਰ ਫਾਇਲਸ ਫਿਲਮ ਨੇ ਇਨ੍ਹਾਂ ਨੂੰ ਆਈਨਾ ਵਿਖਾਇਆ ਹੈ। ਅੱਗਰਵਾਲ ਨੇ ਕਿਹਾ ਕਿ ਅਬਦੁੱਲਾ , ਮੁਫਤੀ ਅਤੇ ਇਨ੍ਹਾਂ ਵਰਗੇ ਲੋਕ ਹੀ ਕਸ਼ਮੀਰੀ ਹਿੰਦੂਆਂ ਤੇ ਜ਼ੁਲਮ ਲਈ ਜ?ਿਮੇਦਾਰ ਹਨ।ਇਨ੍ਹਾਂ ਨੂੰ 1931,1947 ਵਿੱਚ ਕਸ਼ਮੀਰੀ ਹਿੰਦੂਆਂ ਤੇ ਹੋਏ ਹਮਲੇ ਭਲੇ ਹੀ ਯਾਦ ਨਾ ਹੋਣ ਤੇ 1986 ਦੇ ਅਨੰਤਨਾਗ ਦੇ ਦੰਗੇ ਅਤੇ 1989 ਦੀ ਹਿੰਸਾ ਤਾਂ ਯਾਦ ਹੋਵੇਗੀ। ਉਸਦੇ ਲਈ ਕੌਣ ਜਿੰਮੇਵਾਰ ਸੀ। ਕਸ਼ਮੀਰੀ ਪੰਡਿਤਾਂ ਨੂੰ ਰਾਜਨੀਤਕ,ਸਮਾਜਿਕ ਅਤੇ ਆਰਥਿਕ ਰੂਪ ਤੋਂ ਕਮਜੋਰ ਕਿਸਨੇ ਬਣਾਇਆ। ਅੱਗਰਵਾਲ ਨੇ ਕਿਹਾ ਕਿ ਕਸ਼ਮੀਰ ਵਿੱਚ ਅੱਤਵਾਦੀਆਂ ਦੇ ਸਮੂਲ ਨਾਸ਼ ਅਤੇ ਕਸ਼ਮੀਰ ਵਿੱਚ ਸਥਾਈ ਸ਼ਾਂਤੀ ਬਹਾਲੀ ਦੇ ਮਿਸ਼ਨ ਨੂੰ ਅੰਜਾਮ ਤੱਕ ਪਹੁੰਚਾਣ ਲਈ ਸਰਕਾਰ ਨੇ ਹੁਣ ਜੰਮੂ ਕਸ਼ਮੀਰ ਦੇ ਸਿੱਖਿਆ ਸੰਸਥਾਨਾਂ ਨੂੰ ਅੱਤਵਾਦੀ ਅਤੇ ਅਲਗਾਵਵਾਦੀ ਅਨਸਰਾਂ ਤੋਂ ਪੂਰੀ ਤਰ੍ਹਾਂ ਮੁਕਤ ਕਰਾਉਣ ਦਾ ਅਭਿਆਨ ਛੇੜ ਦਿੱਤਾ ਹੈ। ਵੱਖ ਵੱਖ ਕਾਲਜਾਂ ਅਤੇ ਵਿਸ਼ਵ ਯੂਨੀਵਰਸਿਟੀਆਂ ਵਿੱਚ ਅਧਿਆਪਕ, ਗੈਰ ਅਧਿਆਪਕ ਕਰਮੀਆਂ ਅਤੇ ਵਿਦਿਆਰਥੀਆਂ ਦੀਆਂ ਸਾਰੀਆਂ ਗੈਰ-ਰਜਿਸਟਰਡ ਸੰਸਥਾਵਾਂ ਦੀਆਂ ਗਤੀਵਿਧੀਆਂ 'ਤੇ ਰੋਕ ਲਗਾਉਣ ਦਾ ਫੈਸਲਾ ਕੀਤਾ ਗਿਆ ਹੈ। ਅਜਿਹੀਆਂ ਸੰਸਥਾਵਾਂ ਨੂੰ ਖਤਮ ਕਰਨ ਅਤੇ ਇਨ੍ਹਾਂ ਦੇ ਅਹੁਦੇਦਾਰਾਂ ਦੇ ਪਿਛੋਕੜ ਦੀ ਜਾਂਚ ਕਰਕੇ ਕਾਨੂੰਨੀ ਕਾਰਵਾਈ ਵੀ ਕੀਤੀ ਜਾ ਰਹੀ ਹੈ। ਸ਼ਾਮ ਸੁੰਦਰ ਅੱਗਰਵਾਲ ਨੇ ਕਿਹਾ ਕਿ ਜੰਮੂ ਕਸ਼ਮੀਰ ਵਿੱਚ ਹੁਣ ਅਲਗਾਵਵਾਦ ਨਹੀਂ-ਰਾਸ਼ਟਰਵਾਦ ਚੱਲੇਗਾ।



ਰੋਜ਼ਾਨਾ ਲੋਕ ਬਾਣੀ

# ਸਿਹਤ ਵਿਭਾਗ ਵੱਲੋਂ ਕਰੋਨਾ ਦੀ ਆੜ ਹੇਠ ਮੀਟਿੰਗਾਂ ਤੇ ਲਾਈਆਂ ਪਾਬੰਦੀਆਂ ਖੋਲ੍ਹ ਕੇ ਆਸਾ ਵਰਕਰਾਂ ਨੂੰ ਕੰਮ ਦਿੱਤਾ ਜਾਵੇ : ਗੁਰਵਿੰਦਰ ਕੌਰ ਬਹਿਰਾਮਪੁਰ

ਗੁਰਦਾਸਪੁਰ-ਨਵਨੀਤ ਕੁਮਾਰ

ਕਰੋਨਾ ਦੀ ਆੜ ਹੇਠ ਆਸਾ ਵਰਕਰਜ ਅਤੇ ਫੈਸੀਲੀਟੇਟਰਜ ਦੀਆਂ ਪ੍ਰਾਇਮਰੀ ਹੈਲਥ ਸੈਂਟਰ ਵਿਖੇ ਮਹੀਨਾਵਾਰੀ ਮੀਟਿੰਗ ਨਾ ਹੋਣ ਕਰਕੇ ਆਸਾ ਵਰਕਰਾਂ ਨੂੰ ਆ ਰਹੀਆਂ ਪਰੇਸਾਨੀ ਦੂਰ ਕਰਵਾਉਣ, ਮਮਤਾ ਦਿਵਸ ਮਨਾਉਣ ਅਤੇ ਹੋਰ ਮੰਗਾਂ ਨੂੰ ਲੈਕੇ ਪ੍ਰਾਇਮਰੀ ਹੈਲਥ ਸੈਂਟਰ ਬਹਿਰਾਮਪੁਰ ਦੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਜੋਤਪਾਲ ਨੂੰ ਗੁਰਵਿੰਦਰ ਕੌਰ ਬਹਿਰਾਮਪੁਰ ਦੀ ਅਗਵਾਈ ਹੇਠ ਮੰਗ ਪੱਤਰ ਦਿੱਤਾ ਗਿਆ। ਹਾਜਰ ਆਗੂਆਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕਰੋਨਾ ਪਾਬੰਦੀਆਂ ਦੀ ਆੜ ਹੇਠ ਮੀਟਿੰਗਾਂ ਕਰਨ ਤੇ ਪਾਬੰਦੀਆਂ ਲਗਾਈਆਂ ਹੋਈਆਂ ਹਨ। ਜਿਸ ਕਰਕੇ ਉਨ੍ਹਾਂ ਦਾ ਵਿੱਤੀ ਨੁਕਸਾਨ ਹੋ ਰਿਹਾ ਹੈ। ਕਿਉਂਕਿ ਨਿਯਮਾਂ ਅਨੁਸਾਰ ਉਨ੍ਹਾਂ ਨੂੰ ਵਿਭਾਗੀ ਮੀਟਿੰਗ ਵਿੱਚ ਹਾਜਰ ਹੋਣ ਦੇ ਪੈਸੇ ਦਿੱਤੇ ਜਾਂਦੇ ਹਨ। ਇਸੇ ਤਰ੍ਹਾਂ ਪਿੰਡ ਪੱਧਰ ਤੇ ਹੋਣ ਵਾਲੇ ਮਮਤਾ ਦਿਵਸ ਵੀ ਬੰਦ ਹਨ। ਸੀ ਐੱਚ ਓ ਪੱਧਰ ਤੇ ਆਸਾ ਵਰਕਰਾਂ ਨੂੰ ਬੰਦਾ ਮਾਣ ਭੱਤਾ ਨਹੀਂ ਦਿੱਤਾ ਜਾ ਰਿਹਾ। ਵਰਕਰਾਂ ਨੂੰ ਰੋਸ ਹੈ ਕਿ ਸਿਹਤ ਵਿਭਾਗ ਵੱਲੋਂ ਪੂਰੀ ਸਟੇਸਨਰੀ , ਫਾਰਮ ਨਾ ਦਿੱਤੇ ਜਾਣ ਕਰਕੇ ਵਿਭਾਗੀ ਕੰਮ ਸਮੇਂ ਸਿਰ ਨਾ ਹੋਣ ਕਰਕੇ ਪਰੇਸਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਡਿਊਟੀ ਦੌਰਾਨ ਗੰਭੀਰ ਜਖਮੀ ਹੋਈ ਕੁਲਜੀਤ ਕੌਰ ਦੀ ਆਰਥਿਕ ਸਹਾਇਤਾ ਕੀਤੀ ਜਾਵੇ। ਵਰਕਰਾਂ ਦੀਆਂ ਹੋਰ ਮੁਸਕਲਾਂ ਦਾ ਹੱਲ ਕਰਨ ਲਈ ਵਿਭਾਗ ਦੇ ਸਾਰੇ ਅਧਿਕਾਰੀਆਂ ਦੀ ਸਾਂਝੀ ਮੀਟਿੰਗ ਬੁਲਾਈ ਜਾਵੇ।



ਇਸ ਮੌਕੇ ਗੀਤਾ ਦੇਵੀ ਵੀਨਾ ਰਾਣੀ ਸੁਨੀਤਾ ਊਸਾ ਰਾਣੀ ਨੀਲਮ ਦੇਵੀ ਪਰਮਜੀਤ ਕੌਰ ਲਵਲੀ ਰਾਣੀ ਸਰਬਜੀਤ ਕੌਰ ਵੀਨਾ ਦੇਵੀ ਕਰਮਜੀਤ ਰਜਵਿੰਦਰ ਪਰਮਜੀਤ ਆਸਾ ਨੇ 2500 ਰੁਪਏ ਮਹੀਨਾ ਤਨਖਾਹ ਲਗਵਾਉਣ ਦਾ ਜਥੇਬੰਦੀ ਦੇ ਆਗੂਆਂ ਦਾ ਧੰਨਵਾਦ ਕਰਦਿਆਂ ਬਾਕੀ ਰਹਿੰਦੀਆਂ ਮੰਗਾਂ ਤੇ ਸੰਘਰਸ ਸੁਰੂ ਕਰੂ ਦਾ ਸੱਦਾ ਦਿੱਤਾ। ਸੀਨੀਅਰ ਮੈਡੀਕਲ ਅਫਸਰ ਡਾਕਟਰ ਜੋਤਪਾਲ ਨੇ ਜਥੇਬੰਦੀ ਨੂੰ ਭਰੋਸਾ ਦਿੱਤਾ ਵਰਕਰਾਂ ਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕੀਤਾ ਜਾਵੇਗਾ।

# ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਿੰਡ ਸੇਖਾ ਵਿਖੇ ਜਨ ਸੁਵਿਧਾ ਕੈਂਪ ਲਗਾਇਆ ਗਿਆ



## ਪੰਜਾਬ ਸਰਕਾਰ ਲੋਕ ਭਲਾਈ ਲਈ ਵਚਨਬੱਧ, ਆਮ ਲੋਕਾਂ ਦੇ ਕੰਮ ਤਰਜੀਹ ਉੱਤੇ ਕੀਤੇ ਜਾ ਰਹੇ ਹਨ, ਡਿਪਟੀ ਕਮਿਸ਼ਨਰ

ਬਰਨਾਲਾ/ਕਰਨਪ੍ਰੀਤ ਧੰਦਰਾਲ

ਪੰਜਾਬ ਸਰਕਾਰ ਵਲੋਂ ਆਮ ਲੋਕਾਂ ਦੇ ਕੰਮਾਂ ਨੂੰ ਤਰਜੀਹ ਦਿੰਦਿਆਂ ਉਨ੍ਹਾਂ ਦੇ ਘਰ ਦੇ ਨੇੜੇ ਸਰਕਾਰੀ ਸੁਵਿਧਾਵਾਂ ਦੇਣ ਲਈ ਜਨ ਸੁਵਿਧਾ ਕੈਂਪ ਲਗਾਏ ਜਾ ਰਹੇ ਹਨ। ਇਹ ਕੈਂਪ ਭਾਰਤ ਦੀ ਆਜ਼ਾਦੀ ਦੇ 75 ਸਾਲ ਮਨਾਉਂਦਿਆਂ ਆਜ਼ਾਦੀ ਕਾ ਅੰਮ੍ਰਿਤ ਮਹਾਂਉਤਸਵ ਤਹਿਤ ਲੜੀਵਾਰ ਲਗਾਏ ਜਾ ਰਹੇ ਹਨ। ਇਨ੍ਹਾਂ ਕੈਂਪਾਂ ਚ ਆਉਣ ਵਾਲੀਆਂ ਦਰਖਾਸਤਾਂ ਅਤੇ ਸ਼ਿਕਾਇਤਾਂ ਨੂੰ ਸਬੰਧਿਤ ਵਿਭਾਗਾਂ ਨੂੰ ਮਾਰਕ ਕੀਤਾ ਜਾਂਦਾ ਹੈ ਅਤੇ ਫੇਰ ਵਿਸ਼ੇਸ਼ ਬੈਠਕ ਸੱਦ ਕੇ ਇਨ੍ਹਾਂ ਦੀ ਸਮੀਖਿਆ ਕੀਤੀ ਜਾਂਦੀ ਹੈ।

ਇਸ ਗੱਲ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਬਰਨਾਲਾ ਡਾ. ਹਰੀਸ਼ ਨਇਅਰ ਨੇ ਅੱਜ ਪਿੰਡ ਸੇਖਾ ਵਿਖੇ ਲਗਾਏ ਗਏ ਜਨ ਸੁਵਿਧਾ ਕੈਂਪ ਵਿਚ ਲੋਕਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਹੁਣ ਤੱਕ ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ ਵਲੋਂ ਪਿੰਡ ਸਹਿਣਾ, ਚੰਨਣਵਾਲ ਅਤੇ ਉੱਗੋਕੇ ਵਿਖੇ ਇਹ ਕੈਂਪ ਲਗਾਏ ਗਏ ਹਨ। ਇਨ੍ਹਾਂ ਕੈਂਪਾਂ ਚ ਪ੍ਰਾਪਤ ਹੋਣ ਵਾਲੀਆਂ ਅਰਜ਼ੀਆਂ ਨੂੰ ਮੌਕੇ ਉੱਤੇ ਹੀ ਸਬੰਧਿਤ ਵਿਭਾਗਾਂ ਨੂੰ ਮਾਰਕ ਕਰ ਦਿੱਤਾ ਜਾਂਦਾ ਹੈ ਤਾਂ ਜੋ ਲੋਕਾਂ ਦੇ ਕੰਮ ਸਹੀ ਤਰੀਕੇ ਨਾਲ ਅਤੇ ਜਲਦ ਤੋਂ ਜਲਦ ਕੀਤੇ ਜਾ ਸਕਣ। ਨਾਲ ਹੀ ਜ਼ਿਲ੍ਹਾ ਪ੍ਰਸ਼ਾਸਨ ਦੀ ਵਿਸ਼ੇਸ਼ ਬੈਠਕ ਬੁਲਾਈ ਜਾਂਦੀ ਹੈ ਜਿਸ ਵਿਚ ਪਿੰਡ ਵਾਸੀਆਂ ਵਲੋਂ ਮਿਲੀਆਂ ਦਰਖਾਸਤਾਂ ਅਤੇ ਪਿੰਡਾਂ ਦੇ ਮੁੱਦਿਆਂ ਉੱਤੇ ਵਿਚਾਰ ਵਟਾਂਦਰਾ ਕੀਤਾ ਜਾਂਦਾ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਕੈਂਪਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਅਤੇ ਸਰਕਾਰੀ ਸਕੀਮਾਂ ਦਾ ਫਾਇਦਾ ਲੈਣ।

ਅੱਜ ਵੱਖ-ਵੱਖ ਵਿਭਾਗਾਂ ਵੱਲੋ ਆਪਣੇ ਸਟਾਲ ਲਗਾਏ ਗਏ ਸਨ, ਜਿੱਥੇ ਲੋਕਾਂ ਨੂੰ ਸਰਕਾਰੀ ਸਕੀਮਾਂ ਬਾਰੇ ਦੱਸਿਆ ਗਿਆ ਅਤੇ ਨਾਲ ਹੀ ਸਬੰਧਿਤ ਵਿਭਾਗਾਂ ਦੇ ਸਕੀਮਾਂ ਸਬੰਧੀ ਫਾਰਮ ਲਏ ਗਏ। ਅੱਜ ਦੇ ਜਨ ਸੁਵਿਧਾ ਕੈਂਪ ਦੌਰਾਨ ਕਿਰਤ ਵਿਭਾਗ, ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫਤਰ, ਪੁਲਿਸ ਵਿਭਾਗ, ਸਿਹਤ ਵਿਭਾਗ ਆਦਿ ਨੇ ਆਪਣੇ ਸਟਾਲ ਲਗਾਏ ਹੋਏ ਸਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ਼੍ਰੀ ਪਰਮਵੀਰ ਸਿੰਘ ਆਈ.ਏ.ਐੱਸ., ਉਪ ਮੰਡਲ ਮੈਜਿਸਟ੍ਰੇਟ ਬਰਨਾਲਾ ਸ਼੍ਰੀ ਗੋਪਾਲ ਸਿੰਘ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਸ਼੍ਰੀਮਤੀ ਤੇਅਵਾਸਪ੍ਰੀਤ ਕੌਰ ਫੁਰਡ ਕੇਂਦਰ ਇੰਚਾਰਜ ਭੱਠਲ .ਸੇਖਾ ਫੀਲਡ ਪਟਵਾਰੀ ਅਤੇ ਹੋਰ ਅਫ਼ਸਰ ਵੀ ਮੌਜੂਦ ਸਨ।

# ਆਸ਼ਰਮ ਦੀ ਉਸਾਰੀ ਦਾ 85 ਫੀਸਦੀ ਕੰਮ ਮੁਕੰਮਲ



ਬਰਨਾਲਾ/ਕਰਨਪ੍ਰੀਤ ਧੰਦਰਾਲ

ਡਿਪਟੀ ਕਮਿਸ਼ਨਰ ਬਰਨਾਲਾ ਡਾ ਹਰੀਸ਼ ਨਇਅਰ ਨੇ ਅੱਜ ਤਪਾ ਨੇੜੇ ਢਿੱਲਵਾਂ ਰੋਡ ’ਤੇ ਉਸਾਰੀ ਅਧੀਨ ਬਿਰਧ ਆਸ਼ਰਮ ਦੇ ਉਸਾਰੀ ਕਾਰਜ ਦਾ ਜਾਇਜ਼ਾ ਲਿਆ। ਉਹਨਾਂ ਨਾਲ ਉਪ ਮੰਡਲ ਮੈਜਿਸਟ੍ਰੇਟ ਤਪਾ ਸ਼੍ਰੀਮਤੀ ਸਿਮਰਨਪ੍ਰੀਤ ਕੌਰ ਵੀ ਹਾਜ਼ਰ ਸਨ। ਇਸ ਮੌਕੇ ਉਨਾਂ ਦੱਸਿਆ ਕਿ ਇਸ ਪ੍ਰੋਜੈਕਟ ਦੀ ਲਾਗਤ ਲੱਗਭਗ 7 ਕਰੋੜ ਰੁਪਏ ਹੈ ਅਤੇ ਇਹ ਬਿਰਧ ਆਸ਼ਰਮ 26 ਕਨਾਲ 17 ਮਰਲੇ ਜਗਾ ਵਿਚ ਬਣਾਇਆ ਜਾ ਰਿਹਾ ਹੈ, ਜਿਸ ਵਿਚ 24 ਕਮਰਿਆਂ ਅਤੇ 72 ਬਿਸਤਰਿਆਂ ਦਾ ਪ੍ਰਬੰਧ ਹੋਵੇਗਾ। ਉਨਾਂ ਆਖਿਆ ਕਿ ਅਜੋਕੇ ਸਮਾਜਿਕ ਵਰਤਾਰੇ ਕਾਰਨ ਮਜਬੂਰੀ ਵੱਸ ਕਈ ਬਜ਼ੁਰਗਾਂ ਨੂੰ ਇਕਲਾਪਾ ਹੰਢਾਉਣਾ ਪੈਂਦਾ ਹੈ। ਅਜਿਹੇ ਬਜ਼ੁਰਗਾਂ ਵਾਸਤੇ ਬਿਰਧ ਆਸ਼ਰਮ ਵਿਚ ਢੁਕਵਾਂ ਮਾਹੌਲ ਮੁਹੱਈਆ ਕਰਾਇਆ ਜਾਵੇਗਾ ਤਾਂ ਜੋ ਉਨਾਂ ਨੂੰ ਇਕੱਲਤਾ ਦਾ ਸ਼ਿਕਾਰ ਨਾ ਹੋਣਾ ਪਵੇ ਅਤੇ ਉਨਾਂ ਦੀ ਚੰਗੀ ਸਾਂਭ ਸੰਭਾਲ ਹੋ ਸਕੇ। ਉਹਨਾਂ ਦੱਸਿਆ ਕਿ ਪ੍ਰੋਜੈਕਟ ਦਾ ਲੱਗਭਗ 85 ਫੀਸਦੀ ਕੰਮ ਪੂਰਾ ਹੋ ਚੁੱਕਾ ਹੈ ਅਤੇ ਜਲਦ ਹੀ ਇਸ ਦਾ ਬਾਕੀ ਰਹਿੰਦਾ ਕੰਮ ਵੀ ਪੂਰਾ ਕੀਤਾ ਜਾਵੇਗਾ ।ਇਸ ਮੌਕੇ ਜ਼ਿਲਾ ਸਮਾਜਿਕੋ ਸੁਰੱਖਿਆ ਅਫਸਰ ਤੇਅਵਾਸਪ੍ਰੀਤ ਕੌਰ ਨੇ ਦੱਸਿਆ ਕਿ ਬਿਰਧ ਆਸ਼ਰਮ ਦਾ ਕੰਮ ਆਉਂਦੇ ਕੁਝ ਮਹੀਨਿਆਂ ਵਿਚ ਮੁਕੰਮਲ ਹੋ ਜਾਵੇਗਾ। ਉਹਨਾਂ ਦੱਸਿਆ ਕਿ ਬਿਰਧਾਂ ਲਈ ਸਹੂਲਤਾਂ ਜਿਵੇਂ ਡੇਅ ਕੇਅਰ ਸੈਂਟਰ, ਲਾਇਬ੍ਰੇਰੀ, ਹਰਿਆਵਲ ਖੇਤਰ ਆਦਿ ਦਾ ਵਿਸ਼ੇਸ਼ ਖਿਆਲ ਰੱਖਿਆ ਜਾਵੇਗਾ। ਇਸ ਮੌਕੇ ਲੋਕ ਨਿਰਮਾਣ ਵਿਭਾਗ ਦੇ ਕਾਰਜਕਾਰੀ ਇੰਜੀਨੀਅਰ ਸ੍ਰੀ ਕਰਨ ਬਰਾੜ ਅਤੇ ਹੋਰ ਵਿਭਾਗੀ ਕਰਮਚਾਰੀ ਵੀ ਹਾਜ਼ਰ ਸਨ।

# ਫ੍ਰੈਸ਼ਟੂਹੋਮ ਵਿਚ ਅਪਣਾ ਨਵਾਂ ਕੈਂਪੇਨ ਨੋਸ਼ਾਰਟਕਟ ਕੀਤਾ ਲਾਂਚ

ਚੰਡੀਗੜ੍ਹ/ਲੋਕ ਬਾਣੀ

ਤਾਜਾ ਮੱਛੀ ਅਤੇ ਮੀਟ ਦੇ ਲਈ ਦੁਨਿਆਂ ਵਿਚ ਸਭ ਤੋਂ ਵੱਡਾ ਈ-ਕਾਮਰਸ ਪਲੇਟਫਾਰਮ ਫ੍ਰੈਸ਼ਟੂਹੋਮ ਨੇ ਅਪਣਾ ਨਵਾਂ ਬ੍ਰਾਂਡ ਕੈਂਪੇਨ ਹੈਸ਼ਟੇਗ ਨੋਸ਼ਾਰਟਕੱਟ ਲਾਂਚ ਕੀਤਾ ਹੈ ਜਿਸ ਵਿਚ ਬਾਲੀਵੂਡ ਦੇ ਮੰਨੇ ਪ੍ਰਮੰਨੇ ਸਟਾਰ ਰਣਵੀਰ ਸਿੰਘ ਨੂੰ ਇਕ ਨਵੇਂ ਰੁਪ ਵਿਚ ਵਿਖਾਇਆ ਜਾਵੇਗਾ। ਇਹ ਕੈਂਪੇਨ ਫ੍ਰੈਸ਼ਟੂਹੋਮ ਦੀ ਮੀਟ ਅਤੇ ਸੀਫੂਡ ਪਹੁੰਚਾਉਣ ਦੀ ਪ੍ਰਤੀਬੱਧਤਾ ਨੂੰ ਉਜਾਗਰ ਕਰਦਾ ਹੈ ਜੋ ਕਿ ਬਿਨਾ ਕਿਸੇ ਸ਼ਾਰਟਕੱਟ ਦੇ, ਜਿੰਜੇਵਾਰੀ ਤੋਂ ਅਤੇ ਇਮਾਨਦਾਰੀ ਤੋਂ ਪਾਲੇ ਜਾਂਦੇ ਹਨ।



ਫ੍ਰੈਸ਼ਟੂਹੋਮ ਦੇ ਸਹਿ ਸੰਥਾਪਕ ਸ਼ਾਨ ਕਦਵਿਲ ਨੇ ਕਿਹਾ ਕਿ ਅਸੀਂ ਲੋਕਾਂ ਦੀ ਸੇਹਤ ਨਾਲ ਕੋਈ ਸਮਝੌਤਾ ਨਹੀਂ ਕਰਦੇ ਇਸ ਲਈ ਕੋਈ ਸ਼ਾਰਟਕੱਟ ਨਹੀਂ ਲੈਂਦੇ ਹਨ। ਉਨ੍ਹਾਂ ਨੇ ਕਿਹਾ ਕਿ ਉਨ੍ਹਾਂ ਕੇਵਲ ਉਸੇ ਉਤਪਾਦਾਂ ਨੂੰ ਉਪਲਬੱਧ ਕਰਵਾਉਣ ਦਾ ਪਰਿਆਸ ਕਰਦੇ ਹਨ ਜੋ ਕਿ ਬਿਨਾ ਕਿਸੇ ਪ੍ਰੀਜਰਵੇਟਿਵ, ਐਂਟੀਬਾਯੋਟਿਕਸ ਅਤੇ ਕੈਮਿਕਲ ਤੋਂ ਦੂਰ ਹੁੰਦੇ ਹਨ।

ਅਦਾਰਾ ‘ਲੋਕ ਬਾਣੀ’ ਵਿੱਚ ਛਾਪੀਆਂ ਜਾਂਦੀਆਂ ਖ਼ਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ ’ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਤੱਥਾਂ ਦੀ ਪੜਤਾਲ,ਪੁਸ਼ਟੀ ਕਰ ਲੈਣ। -ਸੰਪਾਦਕ

Daily Lok Bani (Punjabi) R.N.I. Punpun 29016.2008 Edior, Owner, Printer, Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, Jalandhar (India) , Contect No. : 0181-2211009, Fax : 2211009 , Email Id : lokbani08@gmail.com ,

# ਪਿੰਡ ਘੱਗੇ ਵਿਖੇ ਕਿਸਾਨਾਂ, ਮਜਦੂਰਾਂ ਅਤੇ ਬੀਬੀਆਂ ਦੀਆਂ ਤਿੰਨ ਇਕਾਈਆਂ ਦਾ ਗਠਨ



**ਖਡੂਰ ਸਾਹਿਬ/ਜੱਜ ਕੰਡਾ**

ਕਿਸਾਨ ਮਜਦੂਰ ਸੰਘਰਸ ਕਮੇਟੀ ਪੰਜਾਬ ਜੋਨ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਅਧੀਨ ਆਉਂਦੇ ਪਿੰਡ ਘੱਗੇ ਵਿਖੇ ਜਥੇਬੰਦੀ ਦੇ ਜ਼ਿਲ੍ਹਾ ਅਤੇ ਸੂਬਾ ਆਗੂਆਂ ਦੀ ਅਗਵਾਈ ਹੇਠ ਤਿੰਨ ਇਕਾਈਆਂ ਦਾ ਗਠਨ ਕੀਤਾ ਗਿਆ ਇਕ ਕਿਸਾਨਾਂ ਦੀ ਇਕ ਐਸ,ਸੀ ਭਾਈਚਾਰੇ ਦੀ ਅਤੇ ਇਕ ਬੀਬੀਆਂ ਦੀ ਜਿਸ ਵਿਚ ਤਿੰਨਾਂ ਇਕਾਈਆਂ ਦੇ ਆਹੁਦੇਦਾਰਾਂ ਦੇ ਨਾਮ ਇਸ ਪ੍ਰਕਾਰ ਹਨ––:

ਕਿਸਾਨਾਂ ਵੱਲੋਂ ਬਲਜੀਤ ਸਿੰਘ ਇਕਾਈ ਪ੍ਰਧਾਨ, ਹਰਜਿੰਦਰ ਸਿੰਘ ਸਕੱਤਰ, ਸੁਖਦੇਵ ਸਿੰਘ ਖਜਾਨਚੀ,ਮੁਖਤਾਰ ਸਿੰਘ ਕਾਲਾ ਪ੍ਰੈਸ ਸਕੱਤਰ, ਰਣਜੀਤ ਸਿੰਘ ਮੀਤ ਪ੍ਰਧਾਨ, ਗੁਰਪ੍ਰੀਤ ਸਿੰਘ ਗੋਪੀ ਸੀਨੀਅਰ ਮੀਤ ਪ੍ਰਧਾਨ,ਬਾਬਾ ਪਲਵਿੰਦਰ ਸਿੰਘ ਮੀਤ ਸਕੱਤਰ, ਜਰਮਨਜੀਤ ਸਿੰਘ ਜਿੰਮੀ ਮੀਤ ਖਜਾਨਚੀ, ਅਮਰਜੀਤ ਸਿੰਘ ਜਥੇਬੰਦਕ ਸਕੱਤਰ ਅਤੇ ਨਿਰਮਲ ਸਿੰਘ ਨਿੰਮਾ ਸਲਾਹਕਾਰ।

**ਇਸਤਰੀ ਇਕਾਈ ਦੇ ਅਹੁਦੇਦਾਰ**

ਪਲਵਿੰਦਰ ਕੌਰ ਪ੍ਰਧਾਨ, ਹਰਜੀਤ ਕੌਰ ਸਕੱਤਰ, ਸਰਬਜੀਤ ਕੌਰ ਖਜਾਨਚੀ, ਪ੍ਰਕਾਸ ਕੌਰ ਸੀ,ਮੀਤ ਪ੍ਰਧਾਨ, ਹਰਬੰਸ ਕੌਰ ਮੀਤ ਪ੍ਰਧਾਨ, ਸਿਮਰਨਜੀਤ ਸਿੰਘ ਪ੍ਰੈਸ ਸਕੱਤਰ,ਅਮਰੀਕ ਸਿੰਘ ਸੀ,ਮੀਤ ਪ੍ਰਧਾਨ, ਯੋਗਰਾਜ ਸਿੰਘ ਮੀਤ ਖਜਾਨਚੀ,ਮੰਗਲ ਸਿੰਘ ਜਥੇਬੰਦਕ ਸਕੱਤਰ, ਬਿਕਰਮਜੀਤ ਸਿੰਘ ਸਲਾਹਕਾਰ,ਬੀਰਾ ਸਿੰਘ ਮੈਂਬਰ,ਗੁਰਪਾਲ ਸਿੰਘ, ਨਰਿੰਦਰ ਸਿੰਘ ਅਤੇ ਜਸਪਾਲ ਸਿੰਘ ਆਦਿ ਮੈਂਬਰਾਂ ਦੀ ਸਰਬਸੰਮਤੀ ਨਾਲ ਜ਼ਿਲ੍ਹਾ ਖਜਾਨਚੀ ਅਤੇ ਸੂਬਾ ਕਮੇਟੀ ਮੈਂਬਰ ਫਤਿਹ ਸਿੰਘ ਪਿੱਦੀ,ਜੋਨ ਪ੍ਰਧਾਨ ਮੁਖਤਾਰ ਸਿੰਘ ਬਿਹਾਰੀਪੁਰ,ਜੋਨ ਸਕੱਤਰ ਸਤਨਾਮ ਸਿੰਘ ਖੋਜਕੀਪੁਰ, ਅਮਨਦੀਪ ਸਿੰਘ ਸਾਹ ਭਲੋਜਲਾ ਜੋਨ ਵਾਈਸ ਪ੍ਰੈਸ ਸਕੱਤਰ, ਪ੍ਰਭਜੋਤ ਸਿੰਘ ਜੋਨ ਵਲੰਟੀਅਰ ਸੁਪਰਵਾਈਜਰ, ਲਵਜੀਤ ਸਿੰਘ ਖੋਜਕੀਪੁਰ ਆਦਿ ਸੀਨੀਅਰ ਆਗੂਆਂ ਦੀ ਦੇਖ ਰੇਖ ਹੇਠ ਇਸ ਚੋਣ ਨੂੰ ਮੁਕੰਮਲ ਕੀਤਾ ਗਿਆ।



## ਪੀ.ਐੱਸ. ਆਰਟਸ ਐਂਡ ਕਲਚਰਲ ਸੋਸਾਇਟੀ ਨੇ ਕੈਨੇਡਾ ਅਤੇ ਇੰਗਲੈਂਡ ਦੇ ਵੀਜ਼ਾ ਕੌਂਸਲਰਾਂ ਨਾਲ ਕੀਤੀ ਮੀਟਿੰਗ

**ਚੰਡੀਗੜ੍ਹ/ਸਾਇਰ ਭੱਟੀ**

ਪੀ.ਐੱਸ. ਆਰਟਸ ਐਂਡ ਕਲਚਰਲ ਸੋਸਾਇਟੀ ਵਲੋਂ "ਦਾ ਲਲਿੱਤ ਚੰਡੀਗੜ੍ਹ" ਹੋਟਲ ਵਿੱਚ ਇੱਕ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਮੁੱਖ ਵਿਸ਼ਾ ਕਿੰਨਰ, ਗੇਅ ਅਤੇ ਲਿਸਬਿਅਨ ਲੋਕਾਂ ਨੂੰ ਸਮਾਜ ਵਿੱਚ ਬਰਾਬਰ ਅਧਿਕਾਰ ਦੇਣ ਪ੍ਰਤੀ ਰਿਹਾ। ਇਸ ਮੀਟਿੰਗ ਵਿੱਚ ਇੰਗਲੈਂਡ ਡਿਪਟੀ ਹਾਈ ਕਮਿਸਨਰ ਚੰਡੀਗੜ੍ਹ ਅਤੇ ਕੇਨੈਡਾ ਵੀਜਾ ਕੌਂਸਲਰ ਚੰਡੀਗੜ੍ਹ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਇਹ ਪ੍ਰੋਗਰਾਮ ਧਨੰਜਿਆ ਚੋਹਾਨ ਅਤੇ ਸਕਸ਼ਮ ਸੋਸਾਇਟੀ ਵੱਲੋਂ ਆਯੋਜਿਤ ਕੀਤਾ ਗਿਆ। ਧਨੰਜਿਆ ਚੋਹਾਨ ਨੇ ਕਿੰਨਰ,ਗੇਅ ਅਤੇ ਲਿਸਬਿਅਨ ਲੋਕਾਂ ਪ੍ਰਤੀ ਚੰਗੀ ਸੋਚ ਰੱਖਣ ਦੀ ਗੱਲ ਕੀਤੀ। ਐਡਵੋਕੇਟ ਮੀਲੀ ਗਰਗ ਨੇ ਵੀ ਉਹਨਾਂ ਦੇ ਵਿਚਾਰਾਂ ਦੀ ਸ਼ਲਾਘਾ ਕੀਤੀ। ਮਿਨਿਸਟਰ ਕੇਨੈਡਾ ਵੀਜਾ ਕੌਂਸਲਰ ਚੰਡੀਗੜ੍ਹ ਨੇ ਵੀ ਆਪਣੇ ਵਿਚਾਰ ਦੱਸੇ ਅਤੇ ਇਹਨਾਂ ਦੇ ਚੰਗੇ ਵਿਵਹਾਰ ਦੀ ਸ਼ਲਾਘਾ ਕੀਤੀ। ਇੰਗਲੈਂਡ ਡਿਪਟੀ ਹਾਈ ਕਮਿਸਨਰ ਚੰਡੀਗੜ੍ਹ ਨੇ ਇਹਨਾਂ ਲੋਕਾਂ ਦੇ ਵਿਚਾਰਾਂ ਅਤੇ ਮਿਲਵਰਤਨ ਵਾਲੇ ਸੁਭਾਅ ਦੀ ਸ਼ਲਾਘਾ ਕੀਤੀ। ਪੀ.ਐੱਸ. ਆਰਟਸ ਐਂਡ ਕਲਚਰਲ ਸੋਸਾਇਟੀ ਦੇ ਪ੍ਰਧਾਨ ਪਰਵੀਨ ਸੰਧੂ ਨੇ ਵੀ ਧਨੰਜਿਆ ਚੋਹਾਨ ਨਾਲ ਵਾਅਦਾ ਕੀਤਾ ਕਿ ਉਹਨਾਂ ਨੂੰ ਉਹਨਾ ਦਾ ਬਣਦਾ ਹੱਕ ਦਿਵਾਉਣ ਲਈ ਪੀ.ਐੱਸ.ਆਰਟਸ ਐਂਡ ਕਲਚਰਲ ਸੋਸਾਇਟੀ ਹਮੇਸ਼ਾ ਉਹਨਾਂ ਦੇ ਨਾਲ ਖੜ੍ਹੀ ਹੈ। ਬਲਕਾਰ ਸਿੱਧੂ ਨੇ ਘੱਟ ਪੜ੍ਹੇ-ਲਿਖੇ ਲੋਕਾਂ ਨੂੰ ਜਾਗਰੂਕ ਕਰਨ ਦਾ ਸੁਨੇਹਾ ਦਿੱਤਾ। ਧਨੰਜਿਆ ਚੋਹਾਨ ਦੇ ਕੁੱਝ ਸਾਥੀਆਂ ਵੱਲੋਂ ਨਾਚ ਪ੍ਰਦਰਸ਼ਨ ਵੀ ਕੀਤਾ ਗਿਆ।ਇਸ ਮੌਕੇ ਪੀ.ਐੱਸ. ਆਰਟਸ ਐਂਡ ਕਲਚਰਲ ਸੋਸਾਇਟੀ ਦੇ ਜਨਰਲ ਸਕੱਤਰ ਰਾਜਦੀਪ ਕੋਰ, ਸਵੀਟੀ ਸ਼ਰਮਾ, ਐਡਵੋਕੇਟ ਸ਼ਿਪਰਾ ਬੰਸਲ, ਐਡਵੋਕੇਟ ਸਗੀਨਾ ਵੇਲਅਟ ਵਰਗੀਆਂ ਸ਼ਖਸ਼ੀਅਤਾਂ ਸ਼ਾਮਿਲ ਹੋਈਆਂ ਅਤੇ ਪ੍ਰੋਗਰਾਮ ਵਿੱਚ ਸ਼ਾਮਿਲ ਸਾਰੀਆਂ ਸ਼ਖਸ਼ੀਅਤਾਂ ਨੇ ਪ੍ਰੋਗਰਾਮ ਦਾ ਖੂਬ ਆਨੰਦ ਮਾਣਿਆ।

## ਮਹਿਕਮਾ ਕੁੰਭਕਰਨੀ ਨੀਂਦ ਸੁੱਤਾ ਕਦੋਂ ਜਾਗੂ

**ਅੰਮ੍ਰਿਤਸਰ/ਰਾਜਾ ਕੋਟਲੀ:** ਜਲ ਸਰੋਤ ਵਿਭਾਗ ਦੇ ਮੁਲਾਜਮਾਂ ਦੀ ਰਿਹਾਇਸ਼ੀ ਸੁਵਿਧਾ ਲਈ ਬਣੀ ਨਹਿਰੀ ਕਲੋਨੀ ਏ ਅਤੇ ਸੀ ਬਲਾਕ ਅੰਮ੍ਰਿਤਸਰ ਵਿੱਚ ਸਰਕਾਰ ਵੱਲੋ ਕਰੋੜਾਂ ਅਰਬਾਂ ਰੁਪਇਆ ਲਗਾ ਕੇ ਬਣਾਈ ਗਏ ਰਿਹਾਇਸ਼ੀ ਕੁਆਰਟਰ ਹੈੱਡ ਕੁਆਟਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਲਾਪ੍ਰਵਾਹੀ ਕਾਰਨ ਦਿਨ ਬਦਿਨ ਖੰਡਰ ਬਣਦੇ ਜਾ ਰਹੇ ਹਨ।ਇਸ ਸੰਬੰਧੀ ਕੁੱਝ ਮਹਿਕਮੇ ਦੇ ਹਿਤੈਸ਼ੀ ਕਰਮਚਾਰੀਆਂ ਨੇ ਆਪਣਾ ਨਾਮ ਨਾ ਛਾਪਣ ਦੀ ਸ਼ਰਤ ਤੇ ਦੱਸਿਆ ਕਿ ਏ ਅਤੇ ਸੀ ਬਲਾਕ ਵਿੱਚ ਬਹੁਤ ਸਾਰੇ ਕੁਆਰਟਰ ਜੋ ਲੱਖਾ ਰੁਪਇਆਂ ਦੀ ਲਾਗਤ ਨਾਲ ਬਣੇ ਹੋਏ ਹਨ ਹੈੱਡ ਕੁਆਟਰ ਦੀ ਲਾਪ੍ਰਵਾਹੀ ਕਾਰਨ ਖੰਡਰ ਬਣ ਚੁੱਕੇ ਹਨ।ਉਨ੍ਹਾਂ ਦੱਸਿਆ ਕਿ ਹੈੱਡ ਕੁਆਟਰ ਦਫਤਰ ਦੇ ਅਮਲੇ ਦਾ ਕੰਮ ਸਿਰਫ ਸਰਕਾਰੀ ਕੁਆਰਟਰਾਂ ਦੀ ਸਾਂਭ ਸੰਭਾਲ ਅਤੇ ਨਿਗਰਾਨੀ ਕਰਨਾਂ ਹੁੰਦਾ ਹੈ,ਪ੍ਰੰਤੂ ਇੱਥੇ ਤਾਇਨਾਤ ਕਰਮਚਾਰੀ ਮੋਟੀਆਂ ਮੋਟੀਆਂ ਤਨਖਾਹਾਂ ਲੈਣ ਦੇ ਬਾਵਜੂਦ ਵੀ ਆਪਣੀ ਡਿਊਟੀ ਤੇ ਪਾਬੰਧ ਨਹੀਂ ਹਨ।ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਇਹ ਕਰਮਚਾਰੀ ਸਰਕਾਰੀ ਕੰਮ ਕਾਜ ਦੀ ਬਜਾਏ ਆਪਣੇ ਨਿੱਜੀ ਕੰਮਾਂ ਵਿੱਚ ਮਗਨ ਰਹਿੰਦੇ ਹਨ।ਜਿਸ ਕਰਕੇ ਰਿਹਾਇਸ਼ੀ ਨਹਿਰੀ ਕਾਲੋਨੀ ਵਿੱਚ ਬਣੇ ਕੁਆਰਟਰਾਂ ਦੇ ਬੂਹੇ ਬਾਰੀਆਂ, ਗੇਟ ਅਤੇ ਇੱਟਾਂ ਸਮੇਤ ਪਾਣੀ ਵਾਲੀਆਂ ਪਾਈਪਾਂ ਵੱਡੇ ਪੱਧਰ ਤੇ ਚੋਰੀ ਹੋ ਰਹੀਆਂ ਹਨ।ਉਨ੍ਹਾਂ ਇਹ ਵੀ ਦੱਸਿਆਂ ਕਿ ਕੁੱਝ ਕਰਮਚਾਰੀਆਂ ਵੱਲੋ ਕੁਆਰਟਰਾਂ ਵਿੱਚ ਬਾਹਰੀ ਲੋਕਾਂ ਨੂੰ ਆਪਣੇ ਰਿਸ਼ਤੇਦਾਰ ਦਸ ਕੇ ਕਿਰਾਏਦਾਰ ਰੱਖਿਆ ਹੋਇਆ ਹੈ।ਕਾਲੋਨੀ ਵਾਸੀਆਂ ਦੀ ਮੰਗ ਹੈ ਕਿ ਉਚ ਅਧਿਕਾਰੀ ਇਸ ਪਾਸੇ ਖਾਸ ਧਿਆਨ ਦੇਣ।


## ਐੱਸ.ਡੀ.ਐੱਮ. ਬਟਾਲਾ ਨੇ ਨਗਰ ਸੁਧਾਰ ਟਰੱਸਟ ਦੀਆਂ ਜਾਇਦਾਦਾਂ ਉੱਪਰੋਂ ਨਜ਼ਾਇਜ ਕਬਜ਼ੇ ਹਟਾਉਣ ਦੀਆਂ ਹਦਾਇਤਾਂ ਜਾਰੀ ਕੀਤੀਆਂ



**ਬਟਾਲਾ/ਸੁਖਨਾਮ ਸਿੰਘ:-** ਐੱਸ.ਡੀ.ਐੱਮ. ਬਟਾਲਾ-ਕਮ-ਚੇਅਰਪਰਸਨ ਨਗਰ ਸੁਧਾਰ ਟਰੱਸਟ ਬਟਾਲਾ ਸ੍ਰੀਮਤੀ ਸ਼ਾਇਰੀ ਭੰਡਾਰੀ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਸ਼ਹਿਰ ਵਿੱਚ ਟਰੱਸਟ ਦੀਆਂ ਸਾਰੀਆਂ ਜਾਇਦਾਦਾਂ ਉੱਪਰ ਨਜ਼ਰਸਾਨੀ ਕੀਤੀ ਜਾਵੇ ਅਤੇ ਜੇਕਰ ਕਿਸੇ ਵਿਅਕਤੀ ਦਾ ਟਰੱਸਟ ਦੀ ਜਾਇਦਾਦ ਉੱਪਰ ਨਜਾਇਜ ਕਬਜ਼ਾ ਹੈ ਤਾਂ ਉਸਨੂੰ ਛੁਡਾਇਆ ਜਾਵੇ। ਸ੍ਰੀਮਤੀ ਭੰਡਾਰੀ ਅੱਜ ਆਪਣੇ ਦਫ਼ਤਰ ਵਿੱਚ ਨਗਰ ਸੁਧਾਰ ਟਰੱਸਟ ਦੇ ਅਧਿਕਾਰੀਆਂ ਨਾਲ ਮੀਟਿੰਗ ਕਰ ਰਹੇ ਸਨ। ਇਸ ਮੌਕੇ ਜਤਿੰਦਰ ਸਿੰਘ ਈ.ਓ. ਨਗਰ ਸੁਧਾਰ ਟਰੱਸਟ ਬਟਾਲਾ, ਹਰਪ੍ਰੀਤ ਕੌਰ ਲੇਖਾਕਾਰ, ਪਵਨ ਕੁਮਾਰ ਸੁਪਰਡੈਂਟ, ਗੁਰਜੀਤ ਸਿੰਘ ਸੀਨੀਅਰ ਸਹਾਇਕ, ਜੂਨੀਅਰ ਸਹਾਇਕ ਰਾਜੇਸ਼ ਕੁਮਾਰ ਤੇ ਨਰੇਸ਼ ਕੁਮਾਰ ਵੀ ਹਾਜ਼ਰ ਸਨ। ਚੇਅਰਪਰਸਨ ਸ੍ਰੀਮਤੀ ਸ਼ਾਇਰੀ ਭੰਡਾਰੀ ਨੇ ਕਿਹਾ ਕਿ ਬਟਾਲਾ ਸ਼ਹਿਰ ਵਿੱਚ ਟਰੱਸਟ ਦੀਆਂ ਜਾਇਦਾਦਾਂ ਸਬੰਧੀ ਸਾਰਾ ਬਿਓਰਾ ਤਿਆਰ ਕੀਤਾ ਜਾਵੇ। ਇਸਦੇ ਨਾਲ ਹੀ ਇਹ ਨਿਸ਼ਾਨਦੇਹੀ ਕੀਤੀ ਜਾਵੇ ਕਿ ਕਿਸੇ ਵਿਅਕਤੀ ਦਾ ਟਰੱਸਟ ਦੀ ਜਾਇਦਾਦ ਉੱਪਰ ਨਜਾਇਜ ਕਬਜ਼ਾ ਤਾਂ ਨਹੀਂ ਹੈ। ਉਨ੍ਹਾਂ ਕਿਹਾ ਕਿ ਕਬਜ਼ੇ ਹਟਾਉਣ ਦੀ ਮੁਹਿੰਮ ਨੂੰ ਸਖਤੀ ਨਾਲ ਸ਼ੁਰੂ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਟਰੱਸਟ ਦੀਅ ਜਿਹੜੀ ਪ੍ਰਾਪਰਟੀ ਵਿਕਣ ਵਾਲੀ ਹੈ ਉਸਦੇ ਰੇਟ ਫਿਕਸ ਕੀਤੇ ਜਾਣ ਅਤੇ ਸਾਰੀ ਦਫ਼ਤਰੀ ਕਾਰਵਾਈ ਮੁਕੰਮਲ ਕਰਕੇ ਸਰਕਾਰ ਦੇ ਨਿਯਮਾਂ ਤਹਿਤ ਜਾਇਦਾਦ ਦੀ ਨਿਲਾਮੀ ਕੀਤੀ ਜਾਵੇ। ਸ੍ਰੀਮਤੀ ਭੰਡਾਰੀ ਨੇ ਕਿਹਾ ਕਿ ਟਰੱਸਟ ਦੇ ਅਧਿਕਾਰੀ ਇਨ੍ਹਾਂ ਹਦਾਇਤਾਂ ਉੱਪਰ ਤਰਜੀਹੀ ਤੌਰ 'ਤੇ ਅਮਲ ਕਰਨ।

## ਸਾਧਾਂਵਾਲਾ ਵਿਖੇ ਨੌਜਵਾਨਾਂ ਵੱਲੋਂ ਕੁਝ ਗਲੀਆਂ ਨਾਲੀਆਂ ਦੀ ਸਫਾਈ ਕੀਤੀ





**ਫਰੀਦਕੋਟ/ਜਸਵਿੰਦਰ ਸਿੰਘ ਬਰਾੜ ਸਾਧਾਂਵਾਲਾ**

ਸਾਧਾਂਵਾਲਾ ਵਿਖੇ ਕੁਝ ਨੌਜਵਾਨਾਂ ਵੱਲੋਂ ਬੜਾ ਹੀ ਸ਼ਲਾਘਾਯੋਗ ਕੰਮ ਕੀਤੇ ਜਾ ਰਹੇ ਹਨ ਕਿਉਂਕਿ ਅੱਜਕੱਲ੍ਹ ਲੋਕ ਆਪਣੇ ਘਰਾਂ ਦੀ ਸਫ਼ਾਈ ਤਾਂ ਜ਼ਰੂਰ ਕਰਦੇ ਹਨ ਪਰ ਸਾਂਝੇ ਕੰਮ ਵੱਲ ਕੋਈ ਵੀ ਧਿਆਨ ਨਹੀਂ ਦਿੰਦਾ ਇਸ ਦੀ ਇਕ ਤਾਜ਼ਾ ਹੀ ਮਿਸਾਲ ਪਿੰਡ ਸਾਧਾਂਵਾਲਾ ਵਿਖੇ ਵੇਖਣ ਨੂੰ ਮਿਲੀ ਹੈ ਕੁਝ ਨੌਜਵਾਨ ਸੁਰਿੰਦਰ ਸਿੰਘ ਸਾਧਾਂਵਾਲਾ ਰਾਜਵੀਰ ਸਿੰਘ ਗਮਦੂਰ ਸਿੰਘ ਗੋਕਲ ਸਿੰਘ ਆਦਿ ਵੱਲੋਂ ਕੁਝ ਗਲੀਆਂ ਨਾਲੀਆਂ ਦੀ ਸਫਾਈ ਕੀਤੀ ਗਈ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਜੇਕਰ ਅਸੀਂ ਆਪਣਾ ਆਲਾ ਦੁਆਲਾ ਸਾਫ ਸੁਥਰਾ ਗਲੀਆਂ ਨਾਲੀਆਂ ਸਾਫ ਰੱਖਾਂਗੇ ਤਾ ਅਸੀਂ ਨਾਮੁਰਾਦ ਭੈੜੀਆਂ ਬੀਮਾਰੀਆਂ ਤੋਂ ਬਚ ਸਕਦੇ ਹਾਂ ਜਿਸ ਨਾਲ ਅਸੀਂ ਹਵਾ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾ ਸਕਦੇ ਹਾ ਅਤੇ ਸਾਨੂੰ ਵਧੀਆ ਹਵਾ ਮਿਲ ਸਕਦੀ ਹੈ ਆਓ ਸਾਰੇ ਰਲ ਮਿਲ ਕੇ ਆਪਣੇ ਆਪਣੇ ਪਿੰਡਾਂ ਦੀ ਆਪਣੇ ਹਲਕੇ ਦੀ ਆਪਣੇ ਸ਼ਹਿਰਾਂ ਦੀ ਆਪਣੇ ਆਲੇ ਦੁਆਲੇ ਦੀ ਆਪਣੀਆਂ ਗਲੀਆਂ ਨਾਲੀਆਂ ਦੀ ਸਫ਼ਾਈ ਰੱਖੀਏ ਇਸ ਮੌਕੇ ਪੱਤਰਕਾਰ ਜਸਵਿੰਦਰ ਸਿੰਘ ਬਰਾੜ ਨੇ ਇਨ੍ਹਾਂ ਨੌਜਵਾਨਾਂ ਦਾ ਇਹ ਕੰਮ ਬਹੁਤ ਹੀ ਸ਼ਲਾਘਾਯੋਗ ਕਦਮ ਦੱਸਿਆ ਅਤੇ ਇਨ੍ਹਾਂ ਨੌਜਵਾਨਾਂ ਦਾ ਬਹੁਤ ਬਹੁਤ ਧੰਨਵਾਦ ਕੀਤਾ ਅਤੇ ਸਮੂਹ ਨਗਰ ਨਗਰ ਨਿਵਾਸੀਆਂ ਨੂੰ ਅਪੀਲ ਵੀ ਕੀਤੀ ਹੈ ਕਿ ਇਸ ਤਰ੍ਹਾਂ ਦੇ ਕੰਮ ਕਰ ਰਹੇ ਨੌਜਵਾਨਾਂ ਦਾ ਸਾਥ ਦੇਈਏ ਤਾਂ ਜੋ ਆਪਣਾ ਪਿੰਡ ਸਾਫ਼ ਸੁਥਰਾ ਬਣ ਸਕੇ ਆਓ ਰਲ ਮਿਲ ਕੇ ਉਪਰਾਲਾ ਹਿੱਸਾ ਬਣੀਏ।

# ਬਟਾਲਾ ਸ਼ਹਿਰ ਦੀਆਂ ਵਿਰਾਸਤਾਂ ਦੀ ਸਾਰ ਲੈਣ ਲਈ ਕੈਬਨਿਟ ਮੰਤਰੀ ਬੈਂਸ ਦਾ ਵਿਧਾਇਕ ਸ਼ੈਰੀ ਕਲਸੀ ਵੱਲੋਂ ਧੰਨਵਾਦ

ਬਟਾਲਾ/ਸੁਖਨਾਮ ਸਿੰਘ

ਸੂਬੇ ਦੇ ਸੈਰ ਸਪਾਟਾ ਅਤੇ ਸੱਭਿਆਚਾਰਿਕ ਮਾਮਲਿਆਂ ਬਾਰੇ ਮੰਤਰੀ ਸ. ਹਰਜੋਤ ਸਿੰਘ ਬੈਂਸ ਵੱਲੋਂ ਬੀਤੇ ਕੱਲ ਬਟਾਲਾ ਸ਼ਹਿਰ ਦੀਆਂ ਇਤਿਹਾਸਕ ਵਿਰਾਸਤਾਂ ਦੇਖਣ ਤੋਂ ਬਾਅਦ ਇਨ੍ਹਾਂ ਦੀ ਸੰਭਾਲ ਲਈ ਦਿੱਤੇ ਭਰੋਸੇ ਲਈ ਵਿਧਾਨ ਸਭਾ ਹਲਕਾ ਬਟਾਲਾ ਦੇ ਵਿਧਾਇਕ ਸ੍ਰੀ ਅਮਨ ਸ਼ੇਰ ਸਿੰਘ ਕਲਸੀ ਨੇ ਹਲਕੇ ਦੇ ਵਸਨੀਕਾਂ ਵੱਲੋਂ ਉਨ੍ਹਾਂ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਦੀ ਬਟਾਲਾ ਫੇਰੀ ਜਰੂਰ ਇਥੋਂ ਦੀਆਂ ਵਿਰਾਸਤੀ ਸਮਾਰਕਾਂ ਦੀ ਸੁਨਿਹਰੀ ਸ਼ਾਨ ਵਾਪਸ ਲਿਆਵੇਗੀ।

ਵਿਧਾਇਕ ਸ੍ਰੀ ਸ਼ੈਰੀ ਕਲਸੀ ਨੇ ਕਿਹਾ ਕਿ ਉਨ੍ਹਾਂ ਦੇ ਦਿਲ ਦੀ ਇੱਛਾ ਹੈ ਕਿ ਬਟਾਲਾ ਜਿਥੇ ਵਿਕਾਸ ਪੱਖੋਂ ਸੂਬੇ ਦਾ ਮੋਹਰੀ ਸ਼ਹਿਰ ਬਣੇ ਓਥੇ ਇਥੋਂ ਦੇ ਅਮੀਰ ਵਿਰਸੇ ਦੀ ਵੀ ਸੰਭਾਲ ਹੋਵੇ ਅਤੇ ਪੂਰੀ ਦੁਨੀਆਂ ਦੇ ਲੋਕ ਸਾਡੇ ਬਟਾਲਾ ਨੂੰ ਦੇਖਣ ਆਉਣ। ਸ੍ਰੀ ਕਲਸੀ ਨੇ ਕਿਹਾ ਕਿ ਵਿਧਾਇਕ ਬਣਨ ਦੇ ਪਹਿਲੇ ਦਿਨ ਤੋਂ ਹੀ ਉਨ੍ਹਾਂ ਦੇ ਯਤਨ ਜਾਰੀ ਹਨ ਅਤੇ ਉਨ੍ਹਾਂ ਨੂੰ ਮਾਣ ਹੈ ਕਿ ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਉਨ੍ਹਾਂ ਦੀ ਬੇਨਤੀ ਮੰਨ ਕੇ ਬਟਾਲਾ ਸ਼ਹਿਰ ਦੀਆਂ ਵਿਰਾਸਤਾਂ ਨੂੰ ਨਿੱਜੀ ਤੌਰ 'ਤੇ ਦੇਖ ਕੇ ਇਨ੍ਹਾਂ ਦੀ ਸੰਭਾਲ ਦਾ ਭਰੋਸਾ



ਦਿੱਤਾ ਹੈ।

ਵਿਧਾਇਕ ਸ੍ਰੀ ਅਮਨ ਸ਼ੇਰ ਸਿੰਘ ਕਲਸੀ ਨੇ ਦੱਸਿਆ ਹੈ ਕਿ ਬਟਾਲਾ ਸ਼ਹਿਰ ਦੇ ਵੱਡੇ ਤਲਾਬ ਨੂੰ ਪਾਣੀ ਨਾਲ ਭਰ ਕੇ ਇਸ ਦੀ ਸ਼ਾਨ ਨੂੰ ਬਹਾਲ ਕੀਤਾ ਜਾਵੇਗਾ। ਇਸਦੇ ਨਾਲ ਹੀ ਮਹਾਰਾਜਾ ਸ਼ੇਰ ਸਿੰਘ ਦੇ ਮਹੱਲ ਦੀ ਮੁਰੰਮਤ ਕਰਵਾਉਣ ਦਾ ਭਰੋਸਾ ਵੀ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਦੀ ਮੰਗ 'ਤੇ ਹਜ਼ੀਰਾ ਪਾਰਕ ਦੀਆਂ ਘਾਟਾਂ ਨੂੰ ਵੀ ਦੂਰ ਕੀਤਾ ਜਾਵੇਗਾ ਜਿਸ ਸਬੰਧੀ ਡਿਪਟੀ ਕਮਿਸ਼ਨਰ ਨੂੰ ਕੇਂਦਰ ਸਰਕਾਰ ਦੇ ਪੁਰਾਤੱਤਵ ਵਿਭਾਗ ਦੇ ਅਧਿਕਾਰੀਆਂ ਨਾਲ ਰਾਬਤਾ ਕਰਨ ਨੂੰ ਕਿਹਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਵਿਰਾਸਤੀ ਦਰਵਾਜ਼ਿਆਂ ਵੱਲ ਵੀ ਵਿਸ਼ੇਸ਼ ਤਵੱਜੋ ਦਿੱਤੀ ਜਾਵੇਗੀ ਅਤੇ ਕਮਿਸ਼ਨਰ ਨਗਰ ਨਿਗਮ ਨੂੰ ਹਦਾਇਤ ਕੀਤੀ ਗਈ ਹੈ ਕਿ ਵਿਰਾਸਤੀ ਦਰਵਾਜ਼ਿਆਂ ਉੱਪਰ ਕੋਈ ਵੀ ਹੋਰਡਿੰਗਜ਼ ਨਾ ਲੱਗਣ ਦਿੱਤੇ ਜਾਣ। ਉਨ੍ਹਾਂ ਕਿਹਾ ਕਿ ਬਟਾਲਾ ਸ਼ਹਿਰ ਦੇ ਇਤਿਹਾਸ ਨਾਲ ਸਬੰਧ ਅਹਿਮ ਸਖਸ਼ੀਅਤਾਂ ਦੀਆਂ ਯਾਦਗਾਰਾਂ ਕਾਇਮ ਕਰਨ ਲਈ ਵੀ ਕਦਮ ਚੁੱਕੇ ਜਾਣਗੇ। ਇਸਤੋਂ ਇਲਾਵਾ ਸ੍ਰੀ ਕਾਲੀ ਦੁਵਾਰਾ ਮੰਦਰ ਅਤੇ ਗੁਰਦੁਆਰਾ ਸ੍ਰੀ ਕੰਧ ਸਾਹਿਬ ਤੇ ਡੇਹਰਾ ਸਾਹਿਬ ਨੂੰ ਜਾਂਦੇ ਰਸਤਿਆਂ ਨੂੰ ਹੈਰੀਟੇਜ ਸਟਰੀਟ ਵਜੋਂ ਵਿਕਸਤ ਕੀਤਾ ਜਾਵੇਗਾ।

ਵਿਧਾਇਕ ਸ੍ਰੀ ਕਲਸੀ ਨੇ ਕਿਹਾ ਕਿ ਕੈਬਨਿਟ ਮੰਤਰੀ ਨੇ ਉਨਾਂ ਨੂੰ ਭਰੋਸਾ ਦਿੱਤਾ ਹੈ ਕਿ ਜਿਹੜੇ ਕੰਮ ਫੌਰੀ ਤੌਰ 'ਤੇ ਹੋਣ ਵਾਲੇ ਹੋਣਗੇ ਉਹ ਬਿਨ੍ਹਾਂ ਦੇਰੀ ਕਰ ਦਿੱਤੇ ਜਾਣਗੇ ਅਤੇ ਜਿਨ੍ਹਾਂ ਦਾ ਪ੍ਰੋਜੈਕਟ ਬਣਨਾ ਹੈ ਜਾਂ ਫੰਡ ਰਿਲੀਜ਼ ਕਰਨੇ ਹਨ ਉਹ ਵੀ ਤਹਿ ਸਮੇਂ ਅੰਦਰ ਕੀਤੇ ਜਾਣਗੇ। ਸ੍ਰੀ ਕਲਸੀ ਨੇ ਕਿਹਾ ਕਿ ਕੈਬਨਿਟ ਮੰਤਰੀ ਸ. ਬੈਂਸ ਦੀ ਬਟਾਲਾ ਫੇਰੀ ਦੇ ਜਰੂਰ ਹਾਂ-ਪੱਖੀ ਨਤੀਜੇ ਸਾਹਮਣੇ ਆਉਣਗੇ।

# ਪੰਜਾਬ ਦਾ ਰੁਪਿਆ ਬਾਹਰਲੇ ਰਾਜਾਂ ਵਿੱਚ ਇਸਤਿਹਾਰਾਂ ਦੇ ਰੂਪ ਵਿੱਚ ਖਰਚ ਨਹੀਂ ਹੋਣ ਦਿੱਤਾ ਜਾਵੇਗਾ

## 11 ਸੌ ਕਰੋੜ ਦੇ ਇਸਤਿਹਾਰਬਾਜੀ ਬਜਟ 'ਤੇ 100 ਕਰੋੜ ਦਾ ਇਸਤਿਹਾਰੀ ਬਜਟ ਪਾਸ ਹੋਣ 'ਤੇ ਲੋਕਾਂ ਦੀ ਰਾਏ ਲੈਣੀ ਚਾਹੀਦੀ ਹੈ : ਇੰਦਰ ਸੇਖੜੀ



ਬਟਾਲਾ/ਸੁਖਨਾਮ ਸਿੰਘ

ਮੁੱਖ ਮੰਤਰੀ ਸਾਹਿਬ ਇਸਤਿਹਾਰਾਂ ਦੀ ਫਜੂਲ ਖਰਚੀ 'ਤੇ ਵੀ ਜਨਤਾ ਦਾ ਸੁਝਾਅ ਮੰਗਿਆ ਜਾਣਾ ਚਾਹੀਦਾ ਹੈ, ਜਿਹੜੀ ਸਰਕਾਰ ਕੰਮ ਕਰਨ 'ਚ ਵਿਸਵਾਸ ਰੱਖਦੀ ਹੈ, ਉਸ ਸਰਕਾਰ ਨੂੰ ਇਸਤਿਹਾਰਾਂ ਦੀ ਕੀ ਲੋੜ ਹੈ। ਪੰਜਾਬ ਸਰਕਾਰ ਦਾ 100 ਕਰੋੜ ਦਾ ਇਸਤਿਹਾਰ ਹੁਣ 1100 ਕਰੋੜ ਦਾ ਹੋਣ ਜਾ ਰਿਹਾ ਹੈ ਜੋ ਕਿ ਪੰਜਾਬ ਦੇ ਲੋਕਾਂ ਨਾਲ ਬੇਇਨਸਾਫੀ ਹੈ, ਪੰਜਾਬ ਦੇ ਲੋਕਾਂ ਦੇ ਟੈਕਸ ਦੇ ਪੈਸੇ ਆਪਣੇ ਨਿੱਜੀ ਇਸਤਿਹਾਰਾਂ 'ਤੇ ਖਰਚ ਕਰਕੇ ਪੰਜਾਬ ਦੇ ਲੋਕਾਂ ਨਾਲ ਧੋਖਾ ਕੀਤਾ ਜਾ ਰਿਹਾ ਹੈ। ਇਹ ਸਬਦ ਭਾਜਪਾ ਆਗੂ ਇੰਦਰਾ ਸੇਖੜੀ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਹੇ ਕਿ 100 ਕਰੋੜ ਦੀ ਬਜਾਏ 11 ਸੌ ਕਰੋੜ ਖਰਚਣ ਜਾ ਰਹੀ ਆਮ ਆਦਮੀ ਪਾਰਟੀ ਨੂੰ ਸੋਚਣਾ ਚਾਹੀਦਾ ਹੈ ਕਿ ਪੰਜਾਬ ਪਹਿਲਾਂ ਹੀ ਆਰਥਿਕ ਤੌਰ 'ਤੇ ਸੰਕਟ ਦੀ ਸਥਿਤੀ 'ਚ ਹੈ, ਸਰਕਾਰ ਨੂੰ ਚਲਾਉਣ ਲਈ ਉਹ ਕਰਜਾ ਲੈ ਰਹੀ ਹੈ। ਕਰਜਾ ਲੈ ਕੇ ਇਸਤਿਹਾਰਬਾਜੀ 'ਤੇ ਖਰਚ ਕਰਨਾ ਪੰਜਾਬ ਦੇ ਲੋਕਾਂ ਲਈ ਕਿੱਥੋਂ ਦਾ ਇਨਸਾਫ ਹੈ, ਵੈਸੇ 'ਆਪ' ਪਾਰਟੀ ਹਰ ਮੁੱਦੇ 'ਤੇ ਲੋਕਾਂ ਦੀ ਰਾਏ ਮੰਗ ਰਹੀ ਹੈ, ਜਿਸ 'ਤੇ ਇਸਤਿਹਾਰਾਂ 'ਤੇ ਕਰੋੜਾਂ ਰੁਪਏ ਖਰਚ ਕੀਤੇ ਜਾ ਰਹੇ ਹਨ। ਇਸ ਬਾਰੇ ਵੀ ਲੋਕਾਂ ਦੀ ਰਾਇ ਮੰਗੀ ਜਾਣੀ ਚਾਹੀਦੀ ਹੈ। ਪੰਜਾਬ ਸਰਕਾਰ ਵੱਲੋਂ ਪੰਜਾਬ ਦਾ ਪੈਸਾ ਬਾਹਰੀ ਰਾਜਾਂ ਵਿੱਚ ਹੋਣ ਜਾ ਰਹੀਆਂ ਚੋਣਾਂ ਦੌਰਾਨ ਇਸਤਿਹਾਰੀ ਖਰਚਿਆਂ ਦੇ ਨਾਂ 'ਤੇ ਖਰਚ ਕੀਤਾ ਜਾ ਰਿਹਾ ਹੈ ਪੰਜਾਬ ਦੇ ਲੋਕਾਂ ਨੂੰ ਇਹ ਸਪੱਸਟ ਕਰਨਾ ਹੋਵੇਗਾ ਕਿ ਕਿਰਪਾ ਕਰਕੇ ਇਸਤਿਹਾਰ ਦੇ ਰੂਪ ਵਿੱਚ ਇਹ ਕਿੱਥੇ ਖਰਚ ਕੀਤਾ ਜਾ ਰਿਹਾ ਹੈ। ਜਿਵੇਂ ਪੰਜਾਬ ਸਰਕਾਰ ਇਸਤਿਹਾਰੀ ਬਜਟ ਪਾਸ ਕਰ ਰਹੀ ਹੈ ਉਸੇ ਤਰ੍ਹਾਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਪੂਰਾ ਕਰੇ।

# ਕੈਬਨਿਟ ਵਜ਼ੀਰ ਹਰਜੋਤ ਸਿੰਘ ਬੈਂਸ ਨੇ ਬਟਾਲਾ ਸ਼ਹਿਰ ਦੇ ਇਤਿਹਾਸਕ ਅਤੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕੀਤੇ

ਬਟਾਲਾ/ਸੁਖਨਾਮ ਸਿੰਘ

ਸੂਬੇ ਦੇ ਸੈਰ ਸਪਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਅੱਜ ਬਟਾਲਾ ਸ਼ਹਿਰ ਦੀ ਫੇਰੀ ਦੌਰਾਨ ਇਥੋਂ ਦੇ ਇਤਿਹਾਸਕ ਅਤੇ ਧਾਰਮਿਕ ਅਸਥਾਨਾਂ ਦੇ ਦਰਸ਼ਨ ਕੀਤੇ। ਇਸ ਮੌਕੇ ਉਨ੍ਹਾਂ ਨਾਲ ਵਿਧਾਨ ਸਭਾ ਹਲਕਾ ਬਟਾਲਾ ਦੇ ਵਿਧਾਇਕ ਸ੍ਰੀ ਅਮਨ ਸ਼ੇਰ ਸਿੰਘ ਕਲਸੀ, ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫ਼ਾਕ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਡਾ. ਸਤਨਾਮ ਸਿੰਘ ਨਿੱਜਰ, ਐੱਸ.ਡੀ.ਐੱਮ. ਬਟਾਲਾ ਸ੍ਰੀਮਤੀ ਸ਼ਾਇਰੀ ਭੰਡਾਰੀ, ਜਗਰੂਪ ਸਿੰਘ ਸੇਖਵਾਂ ਅਤੇ ਸ਼ਹਿਰ ਦੇ ਮੋਹਤਬਰ ਵੀ ਮੌਜੂਦ ਸਨ।

ਸਭ ਤੋਂ ਪਹਿਲਾਂ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਬੇਰਿੰਗ ਕਾਲਜ ਸਥਿਤ ਮਹਾਰਾਜਾ ਸ਼ੇਰ ਸਿੰਘ ਦੇ ਮਹੱਲ ਦਾ ਦੌਰਾ ਕੀਤਾ ਅਤੇ ਇਸ ਇਤਿਹਾਸਕ ਮਹੱਲ ਦੇ ਇਤਿਹਾਸ ਨੂੰ ਜਾਨਣ ਦੇ ਨਾਲ ਇਸਦੀ ਮੌਜੂਦਾ ਹਾਲਤ ਦਾ ਜਾਇਜਾ ਲਿਆ। ਇਸ ਉਪਰੰਤ ਉਨ੍ਹਾਂ ਨੇ ਮਹਾਰਾਜਾ ਸ਼ੇਰ ਸਿੰਘ ਦੇ ਜਲ ਮਹੱਲ ਅਤੇ ਅਕਬਰ ਬਾਦਸ਼ਾਹ ਦੇ ਕਰੋੜੀ ਸ਼ਮਸ਼ੇਰ ਖਾਨ ਦੇ ਮਕਬਰੇ ਦੀ ਸਮਾਰਕ ਦਾ ਜਾਇਜਾ ਲਿਆ। ਇਸ ਤੋਂ ਬਾਅਦ ਉਨ੍ਹਾਂ ਨੇ ਸ਼ਹਿਰ ਦੇ ਵਿਰਾਸਤੀ ਦਰਵਾਜ਼ੇ ਖਜ਼ੂਰੀ ਗੇਟ ਅਤੇ ਸ਼ੇਰਾਂ ਵਾਲੇ ਗੇਟ ਨੂੰ ਦੇਖਿਆ। ਕੈਬਨਿਟ ਮੰਤਰੀ ਸ. ਬੈਂਸ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਪੈਦਲ ਚੱਲ ਕੇ ਬਟਾਲਾ ਦੇ ਸ਼ਹਿਰ ਦਿਲ ਚੱਕਰੀ ਬਜ਼ਾਰ ਦੀ ਰੌਣਕ ਨੂੰ ਦੇਖਿਆ। ਇਸ ਮੌਕੇ ਉਨ੍ਹਾਂ ਚੱਕਰੀ ਬਜ਼ਾਰ ਸਥਿਤ ਪਾਵਨ ਅਸਥਾਨ ਸ੍ਰੀ ਕਾਲੀ







ਦੁਆਰਾ ਮੰਦਰ ਦੇ ਦਰਸ਼ਨ ਕੀਤੇ। ਇਸ ਤੋਂ ਬਾਅਦ ਉਨ੍ਹਾਂ ਨੇ ਗੁਰਦੁਆਰਾ ਸ੍ਰੀ ਕੰਧ ਸਾਹਿਬ ਦੇ ਦਰਸ਼ਨ ਕੀਤੇ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਸ੍ਰੀ ਕਾਲੀ ਦੁਆਰਾ ਮੰਦਰ ਅਤੇ ਗੁਰਦੁਆਰਾ ਸ੍ਰੀ ਕੰਧ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ, ਵਿਧਾਇਕ ਸ੍ਰੀ ਸ਼ੈਰੀ ਕਲਸੀ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਬਟਾਲਾ ਸ਼ਹਿਰ ਦੇ ਧਾਰਮਿਕ, ਇਤਿਹਾਸਕ ਅਤੇ ਵਿਰਾਸਤੀ ਅਸਥਾਨਾਂ ਦੇ ਦਰਸ਼ਨ ਕਰਨ ਉਪਰੰਤ ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਬਟਾਲਾ ਸ਼ਹਿਰ ਸੂਬੇ ਦੇ ਸਭ ਤੋਂ ਪੁਰਾਣੇ ਇਤਿਹਾਸਕ ਸ਼ਹਿਰਾਂ ਵਿਚੋਂ ਇੱਕ ਹੈ ਅਤੇ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਹੁਰੇ ਪਰਿਵਾਰ ਦਾ ਇਹ ਸ਼ਹਿਰ ਇਤਿਹਾਸ ਵਿੱਚ ਆਪਣੀ ਖਾਸ ਥਾਂ ਰੱਖਦਾ ਹੈ। ਉਨ੍ਹਾਂ ਕਿਹਾ ਕਿ ਬਟਾਲਾ ਸ਼ਹਿਰ ਵਿੱਚ ਮੌਜੂਦ ਇਤਿਹਾਸਕ ਸਮਾਰਕ ਇਤਿਹਾਸ ਦੇ ਉਹ ਪੰਨੇ ਹਨ ਜਿਨ੍ਹਾਂ ਨੇ ਪੰਜਾਬ ਦੇ ਇਤਿਹਾਸ ਨੂੰ ਖਾਸ ਪਛਾਣ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਬਟਾਲਾ ਸ਼ਹਿਰ ਦੀ ਵਿਰਾਸਤ ਨੂੰ ਸਾਂਭਣ ਲਈ ਜਰੂਰ ਰੋਡ ਮੈਪ ਤਿਆਰ ਕਰੇਗੀ ਤਾਂ ਜੋ ਇਹ ਇਤਿਹਾਸਕ ਸ਼ਹਿਰ ਦੁਨੀਆਂ ਦੇ ਨਕਸ਼ੇ 'ਤੇ ਉੱਭਰ ਸਕੇ।

ਸੈਰ ਸਪਾਟਾ ਮੰਤਰੀ ਨੇ ਕਿਹਾ ਕਿ ਮਹਾਰਾਜਾ ਸ਼ੇਰ ਸਿੰਘ ਦੇ ਮਹੱਲ ਦੀ ਸੰਭਾਲ ਲਈ ਵਿਭਾਗ ਵੱਲੋਂ ਉਪਰਾਲੇ ਕੀਤੇ ਜਾਣਗੇ ਅਤੇ ਨਾਲ ਹੀ ਭਾਰਤ ਸਰਕਾਰ ਦੇ ਪੁਰਾਤਤਵ ਵਿਭਾਗ ਨਾਲ ਰਾਬਤਾ ਕਰਕੇ ਜਲ ਮਹੱਲ ਵਾਲੇ ਤਲਾਬ ਨੂੰ ਪਾਣੀ ਨਾਲ ਭਰਿਆ ਜਾਵੇਗਾ। ਉਨ੍ਹਾਂ ਕਿਹਾ ਕਿ ਅਜਿਹਾ ਹੋਣ ਨਾਲ ਬਟਾਲਾ ਸ਼ਹਿਰ ਤੇਜੀ ਨਾਲ ਸੈਰ-ਸਪਾਟੇ ਵਜੋਂ ਵਿਕਸਤ ਹੋਵੇਗਾ। ਉਨ੍ਹਾਂ ਹਜ਼ੀਰਾ ਪਾਰਕ ਵਿੱਚ ਸੈਰ ਕਰਨ ਵਾਲੇ ਲੋਕਾਂ ਦੀ ਮੰਗ 'ਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਨੂੰ ਕਿਹਾ ਕਿ ਪੁਰਾਤਤਵ ਵਿਭਾਗ ਨਾਲ ਰਾਬਤਾ ਕਰਕੇ ਇਥੇ ਲਾਈਟਾਂ, ਬੈਠਣ ਲਈ ਬੈਂਚ, ਪੀਣ ਵਾਲੇ ਪਾਣੀ ਅਤੇ ਟਾਇਲਟ ਦਾ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਦਰਵਾਜ਼ਿਆਂ ਨੂੰ ਵਿਰਾਸਤੀ ਦਿੱਖ ਦਿੱਤੀ ਜਾਵੇਗੀ ਅਤੇ ਨਾਲ ਹੀ ਗੁਰਦੁਆਰਾ ਸ਼੍ਰੀ ਕੰਧ ਸਾਹਿਬ, ਡੇਹਰਾ ਸਾਹਿਬ ਅਤੇ ਸ੍ਰੀ ਕਾਲੀ ਦੁਆਰਾ ਮੰਦਰ ਨੂੰ ਜਾਂਦੇ ਰਸਤਿਆਂ ਨੂੰ ਹੈਰੀਟੇਜ ਸਟਰੀਟ ਵਜੋਂ ਵਿਕਸਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸੈਰ ਸਪਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਵੱਲੋਂ ਇਤਿਹਾਸਕ ਸ਼ਹਿਰ ਬਟਾਲਾ ਨੂੰ ਵਿਰਾਸਤੀ ਪੱਖ ਤੋਂ ਵਿਕਸਤ ਕਰਨ ਲਈ ਹਰ ਸੰਭਵ ਉਪਰਾਲਾ ਕੀਤਾ ਜਾਵੇਗਾ।

ਇਸ ਮੌਕੇ ਵਿਧਾਇਕ ਬਟਾਲਾ ਸ੍ਰੀ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਨੇ ਬਟਾਲਾ ਸ਼ਹਿਰ ਦੀਆਂ ਇਤਿਹਾਸਕ ਇਮਾਰਤਾਂ ਬਾਰੇ ਕੈਬਨਿਟ ਮੰਤਰੀ ਸ. ਹਰਜੋਤ ਸਿੰਘ ਬੈਂਸ ਨੂੰ ਜਾਣਕਾਰੀ ਦਿੱਤੀ ਅਤੇ ਨਾਲ ਹੀ ਸ਼ਹਿਰ ਨੂੰ ਵਿਰਾਸਤੀ ਪੱਖ ਤੋਂ ਵਿਕਸਤ ਕਰਨ ਦੀ ਜ਼ੋਰਦਾਰ ਵਕਾਲਤ ਕੀਤੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸੂਬਾ ਸਰਕਾਰ ਵੱਲੋਂ ਬਟਾਲਾ ਦੀ ਵਿਰਾਸਤ ਨੂੰ ਸਾਂਭਣ ਲਈ ਜਰੂਰ ਲੋੜੀਂਦੇ ਕਦਮ ਚੁੱਕੇ ਜਾਣਗੇ।

ਇਸ ਮੌਕੇ ਸ਼ਹਿਰ ਦੇ ਮੋਹਤਬਰ ਯਸਪਾਲ ਚੌਹਾਨ, ਐਡਵੋਕੇਟ ਭਰਤ ਅਗਰਵਾਲ, ਪ੍ਰਿੰਸ ਰੰਧਾਵਾ, ਕੌਂਸਲਰ ਰਾਜੇਸ਼ ਤੁਲੀ, ਸਰਦੂਲ ਸਿੰਘ, ਬਲਵਿੰਦਰ ਮਿੰਟਾ, ਰਾਕੇਸ਼ ਤੁਲੀ, ਗੁਰਜੰਟ ਸਿੰਘ, ਮਲਕੀਤ ਸਿੰਘ, ਉਪਦੇਸ਼ ਕੁਮਾਰ ਪੀ.ਏ, ਮਾਣਕ ਮਹਿਤਾ, ਮਨਜੀਤ ਸਿੰਘ ਕਰਵਾਲੀਆਂ ਵਾਲੇ, ਸੁਖਜਿੰਦਰ ਸਿੰਘ ਰਜਿੰਦਰ ਫਾਊਂਡਰੀ ਵਾਲੇ, ਜਗਦੀਸ਼ ਮਸੀਹ, ਸੰਨੀ ਮਸੀਹ, ਹਨੀ ਚੌਹਾਨ, ਰਾਜਵਿੰਦਰ ਸਿੰਘ, ਰੋਬਿਨ, ਸਰਨਜੀਤ ਸਿੰਘ, ਸਤੀਸ਼ ਕੁਮਾਰ, ਅੰਕੁਸ਼ ਮਹਿਤਾ ਤੋਂ ਇਲਾਵਾ ਵੱਡੀ ਗਿਣਤੀ 'ਚ ਸ਼ਹਿਰ ਦੇ ਮੋਹਤਬਰ ਹਾਜ਼ਰ ਸਨ।